ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ. ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 90418 78800

# ਸਾਂਝੀ ਸੋਚ

SANJHI SOCH HD
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-11 ISSUE 1743 | 17 May, 2024 Friday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260

# ਤੁਹਾਡੀ ਵੋਟ ਇਸ ਵਾਰ ਦੇਸ਼ ਅਤੇ ਸੰਵਿਧਾਨ ਨੂੰ ਬਚਾਉਣ ਦੇ ਨਾਂ ਉੱਤੇ :ਅਰਵਿੰਦ ਕੇਜਰੀਵਾਲ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਵੀਰਵਾਰ ਨੂੰ ਅੰਮ੍ਰਿਤਸਰ 'ਚ 'ਆਪ' ਉਮੀਦਵਾਰ ਕੁਲਦੀਪ ਸਿੰਘ ਧਾਲੀਵਾਲ ਦੇ ਹੱਕ 'ਚ ਚੋਣ ਪ੍ਰਚਾਰ ਕਰਨ ਲਈ ਪੰਜਾਬ ਪਹੁੰਚੇ। 'ਆਪ' ਸੁਪਰੀਮੋ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਨਾਲ ਅੰਮ੍ਰਿਤਸਰ 'ਚ ਰੋਡ ਸ਼ੋਅ ਕੀਤਾ ਅਤੇ ਪੰਜਾਬ ਦੇ ਲੋਕਾਂ ਨੂੰ ਪੰਜਾਬ ਦੀਆਂ ਸਾਰੀਆਂ 13 ਸੀਟਾਂ 'ਤੇ ਆਮ ਆਦਮੀ ਪਾਰਟੀ ਨੂੰ ਭਾਰੀ ਵੋਟਾਂ ਨਾਲ ਜਿਤਾਉਣ ਦੀ ਅਪੀਲ ਕੀਤੀ। ਰੋਡ ਸ਼ੋਅ ਤੋਂ ਪਹਿਲਾਂ ਦੋਵਾਂ ਮੁੱਖ ਮੰਤਰੀਆਂ ਅਤੇ 'ਆਪ' ਉਮੀਦਵਾਰ ਕੁਲਦੀਪ ਸਿੰਘ ਧਾਲੀਵਾਲ ਨੇ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਦੁਰਗਿਆਣਾ ਮੰਦਰ ਵਿਖੇ ਮੱਥਾ ਟੇਕਿਆ ਅਤੇ ਪੰਜਾਬ ਦੀ ਸ਼ਾਂਤੀ ਅਤੇ ਖ਼ੁਸ਼ਹਾਲੀ ਲਈ ਅਰਦਾਸ ਕੀਤੀ।ਅੰਮ੍ਰਿਤਸਰ ਵਿੱਚ ਕੀਤੇ ਇਸ ਰੋਡ ਸ਼ੋਅ ਵਿੱਚ 'ਇਨਕਲਾਬ ਜ਼ਿੰਦਾਬਾਦ' ਦੇ ਨਾਅਰੇ ਲਾਉਂਦਿਆਂ ਹਜ਼ਾਰਾਂ ਦੀ ਗਿਣਤੀ ਵਿੱਚ 'ਆਪ' ਸਮਰਥਕ ਸ਼ਾਮਲ ਹੋਏ। 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਉਮੀਦਵਾਰ ਕੁਲਦੀਪ ਸਿੰਘ ਧਾਲੀਵਾਲ ਅਤੇ 'ਆਪ' ਦੇ ਕੌਮੀ ਜਨਰਲ ਸਕੱਤਰ ਡਾ. ਸੰਦੀਪ ਪਾਠਕ ਨੇ ਰੋਡ ਸ਼ੋਅ 'ਚ ਸ਼ਾਮਲ ਸਾਰੇ ਸਥਾਨਕ ਲੋਕਾਂ ਦਾ ਸਵਾਗਤ ਕੀਤਾ।ਅਰਵਿੰਦ ਕੇਜਰੀਵਾਲ ਨੇ ਅੰਮ੍ਰਿਤਸਰ ਦੇ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜੇਲ੍ਹ ਤੋਂ ਬਾਹਰ ਆਉਣ ਤੋਂ ਬਾਅਦ ਉਹ ਸਿੱਧਾ ਪੰਜਾਬ ਆਏ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨਾਲ ਜੇਲ੍ਹ ਵਿੱਚ ਮੁਲਾਕਾਤਾਂ ਦੌਰਾਨ ਮੈਂ ਹਮੇਸ਼ਾ ਪੰਜਾਬ ਅਤੇ ਇੱਥੋਂ ਦੇ ਲੋਕਾਂ ਬਾਰੇ ਪੁੱਛਦਾ ਰਹਿੰਦਾ ਸੀ। ਤੁਹਾਡੀ ਖ਼ੁਸ਼ੀ ਹੀ ਮੇਰੇ ਲਈ ਸਭ ਤੋਂ ਵੱਡੀ ਖ਼ੁਸ਼ੀ ਹੈ।ਉਨ੍ਹਾਂ ਅੱਗੇ ਕਿਹਾ, ਇਹਨਾਂ (ਭਾਜਪਾ) ਲੋਕਾਂ ਨੇ ਮੈਨੂੰ ਜੇਲ੍ਹ ਵਿੱਚ ਪਾ ਦਿੱਤਾ। ਮੈਂ ਸੋਚ ਰਿਹਾ ਸੀ ਕਿ ਮੇਰੀ ਕੀ ਗ਼ਲਤੀ ਸੀ, ਮੈਨੂੰ ਜੇਲ੍ਹ 'ਚ ਕਿਉਂ ਪਾਇਆ ਗਿਆ। ਸਾਡੀ ਪਾਰਟੀ ਬਹੁਤ ਛੋਟੀ ਹੈ, ਸਾਡੀ ਸਿਰਫ਼ ਦੋ ਸੂਬਿਆਂ ਵਿੱਚ ਸਰਕਾਰ ਹੈ- ਦਿੱਲੀ ਅਤੇ ਪੰਜਾਬ।ਮੇਰਾ ਕਸੂਰ ਇਹ ਹੈ ਕਿ ਮੈਂ ਤੁਹਾਡੇ ਬੱਚਿਆਂ ਲਈ ਚੰਗੀ ਸਿੱਖਿਆ ਦਾ ਪ੍ਰਬੰਧ ਕੀਤਾ, ਤੁਹਾਡੇ ਬੱਚਿਆਂ ਲਈ ਚੰਗੇ ਸਕੂਲ ਬਣਾਏ, ਮੇਰਾ ਕਸੂਰ ਇਹ ਹੈ ਕਿ ਮੈਂ ਤੁਹਾਡੇ ਬੱਚਿਆਂ ਦਾ ਭਵਿੱਖ ਬਣਾਇਆ। ਮੇਰਾ ਕਸੂਰ ਲੋਕਾਂ ਨੂੰ ਮੁਫ਼ਤ ਬਿਜਲੀ ਦੇਣਾ ਹੈ। ਮੇਰਾ ਕਸੂਰ ਇਹ ਹੈ ਕਿ ਮੈਂ ਮੁਹੱਲਾ ਕਲੀਨਿਕ ਖੋਲ੍ਹੇ, ਤੁਹਾਨੂੰ ਦਵਾਈਆਂ ਮੁਫ਼ਤ ਦਿੱਤੀਆਂ ਅਤੇ ਸਾਰੇ ਲੋਕਾਂ ਦਾ ਇਲਾਜ ਮੁਫ਼ਤ ਕੀਤਾ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਜਦੋਂ ਮੈਂ ਤਿਹਾੜ ਗਿਆ ਤਾਂ ਉਨ੍ਹਾਂ ਨੇ ਮੈਨੂੰ 15 ਦਿਨਾਂ ਤੱਕ ਸ਼ੂਗਰ ਦੀ ਦਵਾਈ ਨਹੀਂ ਦਿੱਤੀ। ਮੈਂ ਸ਼ੂਗਰ ਦਾ ਮਰੀਜ਼ ਹਾਂ। ਪਿਛਲੇ 20 ਸਾਲਾਂ ਤੋਂ ਮੈਂ ਗੰਭੀਰ ਸ਼ੂਗਰ ਦੀ ਬਿਮਾਰੀ ਨਾਲ ਪੀੜਤ ਹਾਂ। ਪਿਛਲੇ 10 ਸਾਲਾਂ ਤੋਂ ਮੈਂ ਇਨਸੁਲਿਨ ਲੈ ਰਿਹਾ ਹਾਂ। ਮੈਂ ਰੋਜ਼ਾਨਾ 52 ਯੂਨਿਟ




ਇਨਸੁਲਿਨ ਲੈਂਦਾ ਹਾਂ। ਜਦੋਂ ਮੈਂ ਤਿਹਾੜ ਗਿਆ ਤਾਂ ਉਨ੍ਹਾਂ ਨੇ ਮੇਰਾ ਇਨਸੁਲਿਨ ਦੀ ਦਵਾਈ 15 ਦਿਨਾਂ ਲਈ ਬੰਦ ਕਰ ਦਿੱਤੀ । ਮੇਰਾ ਸ਼ੂਗਰ ਲੈਵਲ 300 ਕਦੇ 350 ਤੋਂ ਉੱਪਰ ਪਹੁੰਚ ਜਾਂਦਾ ਸੀ। ਜੇਕਰ ਕਿਸੇ ਵਿਅਕਤੀ ਦੀ ਸ਼ੂਗਰ ਜ਼ਿਆਦਾ ਦੇਰ ਤੱਕ ਹਾਈ ਰਹਿੰਦੀ ਹੈ ਤਾਂ ਉਸ ਦਾ ਜਿਗਰ ਅਤੇ ਗੁਰਦੇ ਖ਼ਰਾਬ ਹੋ ਜਾਂਦੇ ਹਨ।ਭਾਜਪਾ 'ਤੇ ਨਿਸ਼ਾਨਾ ਸਾਧਦੇ ਹੋਏ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਹ ਲੋਕ ਸੰਵਿਧਾਨ ਨੂੰ ਬਦਲਣਾ ਚਾਹੁੰਦੇ ਹਨ। ਇਨ੍ਹਾਂ ਲੋਕਾਂ ਦੇ ਮਨ ਵਿੱਚ ਬਹੁਤ ਖ਼ਤਰਨਾਕ ਯੋਜਨਾਵਾਂ ਹਨ। ਉਹ ਵਾਰ-ਵਾਰ 400 ਦਾ ਅੰਕੜਾ ਪਾਰ ਕਰਨ ਦੀ ਗੱਲ ਕਹਿ ਰਹੇ ਹਨ। ਇਹ ਲੋਕ ਨਹੀਂ ਦੱਸ ਰਹੇ ਕਿ 400 ਸੀਟਾਂ ਦੀ ਲੋੜ ਕਿਉਂ ਹੈ। ਜਦੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਤਾਂ ਜਾਣਕਾਰੀ ਸਾਹਮਣੇ ਆਈ ਕਿ ਉਹ ਰਿਜ਼ਰਵੇਸ਼ਨ ਖ਼ਤਮ ਕਰ ਦੇਣਗੇ। ਉਨ੍ਹਾਂ ਨੂੰ ਓਬੀਸੀ, ਐਸਸੀ ਅਤੇ ਐਸਟੀ ਲਈ ਰਾਖਵਾਂਕਰਨ ਖ਼ਤਮ ਕਰਨ ਲਈ 400 ਸੀਟਾਂ ਦੀ ਲੋੜ ਹੈ। ਕੇਜਰੀਵਾਲ ਨੇ ਅੱਗੇ ਕਿਹਾ ਕਿ ਉਨ੍ਹਾਂ ਦੀ ਆਜ਼ਾਦੀ ਵੀ ਲੋਕਾਂ ਦੀਆਂ ਵੋਟਾਂ 'ਤੇ ਨਿਰਭਰ ਕਰਦੀ ਹੈ। ਉਨ੍ਹਾਂ ਕਿਹਾ ਕਿ ਤੁਹਾਡੀ ਵੋਟ ਤੈਅ ਕਰੇਗੀ ਕਿ ਕੇਜਰੀਵਾਲ ਜੇਲ੍ਹ ਤੋਂ ਬਾਹਰ ਰਹਿੰਦਾ ਹੈ ਜਾਂ ਫਿਰ ਜੇਲ੍ਹ ਜਾਂਦਾ ਹੈ। ਇਹ ਸਿਰਫ਼ ਇੱਕ ਚੋਣ ਨਹੀਂ ਹੈ, ਇਹ ਇੱਕ ਮਹੱਤਵਪੂਰਨ ਚੋਣ ਹੈ, ਤੁਹਾਨੂੰ ਸਾਡੇ ਦੇਸ਼, ਸੰਵਿਧਾਨ ਅਤੇ ਲੋਕਤੰਤਰ ਨੂੰ ਬਚਾਉਣ ਲਈ ਵੋਟ ਪਾਉਣੀ ਪਵੇਗੀ।ਰੋਡ ਸ਼ੋਅ ਦੌਰਾਨ ਲੋਕਾਂ ਦੀ ਭਾਰੀ ਭੀੜ ਨੂੰ ਸੰਬੋਧਨ ਕਰਦਿਆਂ ਭਗਵੰਤ ਮਾਨ ਨੇ ਕਿਹਾ ਕਿ ਕੇਜਰੀਵਾਲ ਅੱਜ ਜੇਲ੍ਹ ਤੋਂ ਬਾਹਰ ਆ ਕੇ ਸਾਡੇ ਦੇਸ਼ ਲਈ ਅਰਦਾਸ ਕਰਨ ਅੰਮ੍ਰਿਤਸਰ ਦੀ ਪਵਿੱਤਰ ਧਰਤੀ 'ਤੇ ਪਹੁੰਚੇ ਅਤੇ ਅਰਦਾਸ ਕੀਤੀ ਕਿ ਉਹ ਸਾਡੇ ਦੇਸ਼ ਨੂੰ ਮੁੜ ਸਹੀ ਰਸਤੇ 'ਤੇ ਲਿਆਉਣ। ਮਾਨ ਨੇ ਕਿਹਾ ਕਿ ਕੱਲ੍ਹ ਉਹ ਰਾਮ ਤੀਰਥ ਮੰਦਿਰ ਵਿਖੇ ਅਰਦਾਸ ਕਰਨਗੇ ਕਿ ਦੇਸ਼ ਦੀ ਵਾਗਡੋਰ ਇਮਾਨਦਾਰ ਲੋਕਾਂ ਕੋਲ ਜਾਵੇ। ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਵਜੋਂ ਕੁਲਦੀਪ ਸਿੰਘ ਧਾਲੀਵਾਲ ਨੇ 10,000 ਏਕੜ ਨਜਾਇਜ਼ ਕਬਜ਼ੇ ਵਾਲੀ ਜ਼ਮੀਨ ਨੂੰ ਪ੍ਰਭਾਵਸ਼ਾਲੀ ਲੋਕਾਂ ਤੋਂ ਛੁਡਵਾਇਆ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਉਨ੍ਹਾਂ ਨੂੰ ਵੱਡੇ ਫ਼ਰਕ ਨਾਲ ਜਿਤਾ ਕੇ ਆਪਣਾ ਨੁਮਾਇੰਦਾ ਚੁਣਨ।

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont: 44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno: 4491 W, Shaw Ave. Suit No. 3008 (Near Costco), Fresno, CA 93722
Phone: 599-271-5511

GINNY BEDI LAW PC
Immigration, Divorce, Custody and Support issues, Business Disputes, Living Trusts, Criminal Matters, Misdemeanors, DUI
Ginny Bedi Attorney
ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।
255 N Market St Ste 150 San Jose CA 95110
Tel: (408) 800-0242 Fax: (408) 800-0240, Mobile: (408) 802-2501
Email: ginny@ginnybedilaw.com Web: www.ginnybedilaw.com

Serving Punjabi Mother Tongue In America For The Last 12 Years
ਸਾਂਝੀ ਸੋਚ
DAILY SANJHI SOCH NEWSPAPER
LAUNCHING SOON IN Canada
ਖ਼ਬਰਾਂ, ਆਰਟੀਕਲ, ਕਵਿਤਾਵਾਂ, ਕਹਾਣੀਆਂ ਅਤੇ ਹੋਰ ਛਪਣਯੋਗ ਸਮੱਗਰੀ
info@sanjhisoch.com ਤੇ ਭੇਜੋ
+1 (209) 303-1260 +91 81463-20009

Law Offices of Ashwani K.Bhakhri
1299 Bayshore Hwy Suite 208 Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334 (916) 379-9700 (209) 666-4220
Ashwani Kumar Bhakhri, Attorney at Law
www.bhakhrilawfirm.us bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur, Realtor ® CalDRE # 02115235
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

Space availabe for Ad
Contact # +1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Ph: (414) 551-0530
Simranveer Singh, Realtor, The JRP Group
DRE #02114137

PAL FILMS & PHOTO BOOKS
WWW.PALFILMS.COM
All Your Photo/Videography & Post Production needs Under One Roof
Music Video | Pre Shoots | Weddings | Birthdays | Graduations Stage Shows Or Any Kind Of Events | Customize Photobooks (upto 6 feet) Video Editing VFX/DI/CC & Much More....
Full Photo & Videography studio with Green Screen Blue Screen
PH: (925) 489 3400, (341) 356 1517
4007 Railroad Ave Pittsburgh, CA 94565 | Email: palfilms@yahoo.com, palfilms925@gmail.com

# JRP REALTY GROUP

A TRADITION OF REAL ESTATE EXCELLENCE

**SERVING CALIFORNIA FOR COMMERCIAL REAL ESTATE NEEDS**

Specializing in all Types of Commercial Proprties

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS







**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties

For more properties or business, contact us.








**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**

EQUAL HOUSING OPPORTUNITY





**Apply online at www.lendingassets.com and check out the live lowest rates on our website**


OPEN
NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੋਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ SANJHI SOCH

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH

DAILY NEWSPAPER

2601 Oakdale Road,
Suite H2-167 Modesto,
CA 95355 USA

Cell: (209) 303-1260

Email: info@sanjhisoch.com

Visit at: www.sanjhisoch.com

# ਸੁਰਜੀਤ ਪਾਤਰ ਅਤੇ ਮੈਂ

ਇਹ ਗੱਲ ਅੱਜ ਤੋਂ ਕਰੀਬ ਚਾਰ ਦਹਾਕੇ ਪੁਰਾਣੀ ਹੈ- 1978-79 ਦੀ। ਮੈਂ ਉਦੋਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਕੈਲੀਗ੍ਰਾਫਿਸਟ (1977-86) ਸਾਂ। ਕੈਲੀਗ੍ਰਾਫਿਸਟ, ਯਾਨੀ ਖ਼ੁਸ਼ਨਵੀਸ, ਅਰਥਾਤ ਵਧੀਆ ਲਿਖਾਈ ਕਰਨ ਵਾਲਾ/ ਖ਼ੁਸ਼ਖ਼ਤ ਲਿਖਣ ਵਾਲਾ। ਕਈ ਥਾਈਂ ਕੈਲੀਗ੍ਰਾਫਿਸਟ ਨੂੰ ਕੈਲੀਗ੍ਰਾਫਰ ਵੀ ਕਿਹਾ ਜਾਂਦਾ ਹੈ। ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਪਹਿਲਾਂ ਮੈਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਿਖੇ ਕੈਲੀਗ੍ਰਾਫਿਸਟ (1974-77) ਰਹਿ ਚੁੱਕਾ ਸਾਂ।

ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਹੁਣ ਤੱਕ ਤੇਰਾਂ ਵਾਈਸ ਚਾਂਸਲਰ ਰਹਿ ਚੁੱਕੇ ਹਨ : ਡਾ. ਜੋਧ ਸਿੰਘ ਸਭ ਤੋਂ ਪਹਿਲੇ ਵਾਈਸ ਚਾਂਸਲਰ ਸਨ (1962-66)। ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਮੇਰੀ ਠਹਿਰ ਦੌਰਾਨ ਯੂਨੀਵਰਸਿਟੀ ਵਿੱਚ ਤਿੰਨ ਵਾਈਸ ਚਾਂਸਲਰ ਆਏ। ਜਿਨ੍ਹਾਂ ਚੋਂ ਡਾ. ਅਮਰੀਕ ਸਿੰਘ ਨੂੰ ਉਦੋਂ ਤੱਕ ਦਾ ਸਭ ਤੋਂ ਸਖਤ ਅਤੇ ਅਨੁਸ਼ਾਸ਼ਿਤ ਵੀ. ਸੀ. ਮੰਨਿਆ ਜਾਂਦਾ ਸੀ। ਮੇਰੀ ਪ੍ਰਾਧਿਆਪਕ ਵਜੋਂ ਨੌਕਰੀ ਦੌਰਾਨ ਪੰਜ ਵਾਈਸ ਚਾਂਸਲਰਾਂ ਨਾਲ ਮੇਰਾ ਵਾਹ ਪਿਆ- ਡਾ. ਜੋਗਿੰਦਰ ਸਿੰਘ ਪੁਆਰ, ਡਾ. ਜਸਬੀਰ ਸਿੰਘ ਆਹਲੂਵਾਲੀਆ, ਸ਼੍ਰੀ ਸਵਰਨ ਸਿੰਘ ਬੋਪਾਰਾਏ, ਡਾ. ਜਸਪਾਲ ਸਿੰਘ ਤੇ ਡਾ. ਬੀ.ਐੱਸ. ਘੁੰਮਣ। ਡਾ. ਪੁਆਰ ਸਮੇਂ ਮੇਰੀ ਨਿਯੁਕਤੀ ਹੋਈ; ਡਾ. ਆਹਲੂਵਾਲੀਆ ਦੇ ਸਮੇਂ ਸਾਡਾ ਕਾਲਜ ਪੰਜਾਬੀ ਯੂਨੀਵਰਸਿਟੀ ਦਾ ਪਹਿਲਾ ਕਾਂਸਟੀਚੁਐਂਟ ਕਾਲਜ ਬਣਿਆ; ਸ਼੍ਰੀ ਬੋਪਾਰਾਏ ਦੇ ਸਮੇਂ ਮੇਰੀ ਸਿਲੈਕਸ਼ਨ ਗ੍ਰੇਡ ਲੈਕਚਰਾਰ ਵਜੋਂ ਪ੍ਰਮੋਸ਼ਨ ਹੋਈ; ਡਾ.ਜਸਪਾਲ ਸਿੰਘ ਦੇ ਸਮੇਂ ਮੈਂ ਐਸੋਸੀਏਟ ਪ੍ਰੋਫੈਸਰ ਬਣਿਆ ਤੇ ਡਾ. ਘੁੰਮਣ ਜਦੋਂ ਪਹਿਲੀ ਵਾਰੀ ਗੁਰੂ ਕਾਸ਼ੀ ਕਾਲਜ ਆਏ ਤਾਂ ਉਦੋਂ ਮੈਂ ਵਾਈਸ ਪ੍ਰਿੰਸੀਪਲ ਦੇ ਅਹੁਦੇ ਤੇ ਸਾਂ ਤੇ ਮੈਂ ਹੀ ਉਨ੍ਹਾਂ ਦਾ ਸਵਾਗਤ ਕੀਤਾ ਸੀ, ਕਿਉਂਕਿ ਕਾਲਜ ਪ੍ਰਿੰਸੀਪਲ ਉਦੋਂ ਛੁੱਟੀ ਤੇ ਸੀ।

ਜਦੋਂ ਦੀ ਇਹ ਘਟਨਾ ਹੈ, ਉਨ੍ਹੀਂ ਦਿਨੀਂ ਗੈਰ ਅਧਿਆਪਨ ਕਰਮਚਾਰੀ ਸੰਘ ਦੇ ਪ੍ਰਧਾਨ ਵਜੋਂ ਹਰਨਾਮ ਸਿੰਘ ਤੇ ਕੌਰ ਸਿੰਘ ਸੇਖੋਂ ਦਰਮਿਆਨ ਟੱਕਰ ਚੱਲਦੀ ਰਹਿੰਦੀ ਸੀ ਤੇ ਦੋਵੇਂ ਹੀ ਆਪਣੇ ਸਮੇਂ ਦੇ ਕਹਿੰਦੇ-



ਕਹਾਉਂਦੇ ਆਗੂ ਰਹੇ। ਹੁਣ ਇਹ ਦੋਵੇਂ ਇਸ ਸੰਸਾਰ ਵਿੱਚ ਨਹੀਂ।

ਮੈਂ ਪਹਿਲੀ ਵਾਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਕਰਮਚਾਰੀਆਂ ਵੱਲੋਂ ਕਰਵਾਏ ਦੋ ਰੋਜ਼ਾ ਸਮਾਗਮ ਵਿੱਚ ਸ਼ਾਮਿਲ ਹੋਣਾ ਸੀ ਤੇ ਮੇਰੀ ਪਹਿਲੀ ਪਸੰਦ ਕਵਿਤਾ ਸੀ। ਮੈਂ ਖ਼ੁਦ ਕਵਿਤਾ ਨਹੀਂ ਸਾਂ ਲਿਖਦਾ ਉਦੋਂ। ਹੋਰਨਾਂ ਕਵੀਆਂ ਦੀਆਂ ਕਵਿਤਾਵਾਂ ਪੜ੍ਹਨੀਆਂ/ਯਾਦ ਕਰਨੀਆਂ ਮੈਨੂੰ ਚੰਗੀਆਂ ਲੱਗਦੀਆਂ ਤੇ ਗਾਹੇ-ਬਗਾਹੇ ਕਿਤੇ ਸੁਣਾਉਣੀ ਚੰਗੀ ਲੱਗਦੀ। ਮੈਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਵਿਸ਼ਾਲ ਲਾਇਬ੍ਰੇਰੀ 'ਚ ਗਿਆ, ਜਿੱਥੇ ਪਹਿਲੀ ਨਜ਼ਰੇ 'ਕੋਲਾਜ ਕਿਤਾਬ' ਤੇ ਇਸਦੇ ਖ਼ੂਬਸੂਰਤ ਨਾਂ ਨੇ ਮੈਨੂੰ ਆਕਰਸ਼ਿਤ ਕਰ ਲਿਆ। ਮੈਂ ਕਿਤਾਬ ਫਰੋਲੀ ਤਾਂ ਪਤਾ ਲੱਗਿਆ ਕਿ ਇਹ ਤਿੰਨ ਕਵੀਆਂ ਦੀ ਸਾਂਝੀ ਕਿਤਾਬ ਹੈ, ਪ੍ਰਮਿੰਦਰਜੀਤ (1.1.1946-23.3.2015) ਜੋਗਿੰਦਰ ਕੈਰੋਂ (12.4.1941) ਅਤੇ ਸੁਰਜੀਤ ਪਾਤਰ (14.1.1945-11.5.2024) ਦੀ, ਜੋ 1973 ਵਿੱਚ ਛਪੀ ਸੀ। ਤਿੰਨੇ ਲੇਖਕਾਂ ਦੀ ਇਹ ਪਹਿਲੀ ਕਿਤਾਬ ਹੈ। ਇਨ੍ਹਾਂ ਲੇਖਕਾਂ ਨੇ ਹੋਰ ਕਿਤਾਬਾਂ ਇਸ ਕਿਤਾਬ ਤੋਂ ਪਿੱਛੋਂ ਹੀ ਲਿਖੀਆਂ। (ਇੱਥੇ ਇਹ ਵੀ ਜ਼ਿਕਰਯੋਗ ਹੈ ਕਿ ਪਾਤਰ ਨੇ ਡਾ. ਜੋਗਿੰਦਰ ਕੈਰੋਂ ਦੇ ਨਿਰਦੇਸ਼ਨ ਹੇਠ ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ ਪੀਐਚਡੀ ਕੀਤੀ ਸੀ।) ਮੈਨੂੰ ਜਿਸ ਕਵਿਤਾ ਨੇ ਸਭ ਤੋਂ ਵੱਧ ਪ੍ਰਭਾਵਿਤ ਕੀਤਾ, ਉਹ ਸੁਰਜੀਤ ਪਾਤਰ ਦੀ ਕਵਿਤਾ 'ਹੁਣ ਘਰਾਂ ਨੂੰ ਪਰਤਣਾ' ਸੀ।

ਮੈਂ ਕਿਤਾਬ ਘਰ ਲਿਆਂਦੀ, ਇੱਕ ਕਾਗਜ਼ ਤੇ ਕਵਿਤਾ ਲਿਖੀ ਤੇ ਫਿਰ ਯਾਦ ਕਰ ਲਈ। ਹਫ਼ਤਾ ਕੁ ਇਹਨੂੰ ਦੁਹਰਾਉਂਦਾ ਰਿਹਾ, ਚਿਹਰੇ ਤੇ ਹਾਵ-ਭਾਵ ਲਿਆ ਕੇ ਵਿਸ਼ੇਸ਼ ਸੰਕੇਤਾਂ ਤੇ ਇਸ਼ਾਰਿਆਂ ਨਾਲ ਕਈ ਵਾਰ ਆਪੇ ਪੜ੍ਹੀ ਆਪ ਹੀ ਸੁਣੀ ਤੇ ਜਦੋਂ ਮੈਨੂੰ ਯਕੀਨ ਹੋ ਗਿਆ ਕਿ ਮੈਂ ਇਹੋ ਕਵਿਤਾ ਸੁਣਾਵਾਂਗਾ ਤਾਂ ਆਪਣਾ ਨਾਂ ਸਮਾਗਮ ਵਿੱਚ ਲਿਖਾ ਦਿੱਤਾ। ਇਸ ਸਮੇਂ ਡਾ. ਅਮਰੀਕ ਸਿੰਘ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਸਨ। ਪਹਿਲੇ ਦਿਨ ਕਰਮਚਾਰੀਆਂ ਦੇ ਖੇਡ ਮੁਕਾਬਲੇ ਹੋਏ, ਜਿਸ ਵਿੱਚ ਮੇਰੀ ਕੋਈ ਰੁਚੀ ਨਹੀਂ ਸੀ। ਦੂਜੇ ਦਿਨ ਸੱਭਿਆਚਾਰਕ ਗਤੀਵਿਧੀਆਂ ਦੇ ਮੁਕਾਬਲੇ ਸਨ, ਜੋ ਗੁਰੂ ਤੇਗ ਬਹਾਦਰ ਹਾਲ ਵਿੱਚ ਹੋਏ। ਇਹ ਮੁਕਾਬਲੇ ਸ਼ਾਮ ਕਰੀਬ ਪੰਜ ਵਜੇ ਸ਼ੁਰੂ ਹੋਏ ਸਨ ਤੇ ਰਾਤੀਂ ਨੌਂ ਕੁ ਵਜੇ ਤੱਕ ਚੱਲਦੇ ਰਹੇ। ਕਵਿਤਾ ਤੋਂ ਇਲਾਵਾ ਗੀਤ-ਸੰਗੀਤ ਅਤੇ ਗਿੱਧਾ -ਭੰਗੜਾ ਦੀ ਪੇਸ਼ਕਾਰੀ ਵੀ ਸੀ। ਮੈਂ ਇਸ ਮੌਕੇ ਕਾਵਿ-ਉਚਾਰਣ ਵਿੱਚ ਹਿੱਸਾ ਲਿਆ ਸੀ। ਉਸ ਮੁਕਾਬਲੇ ਵਿੱਚ ਕਿੰਨੇ ਜਣੇ ਸਨ, ਮੈਨੂੰ ਯਾਦ ਨਹੀਂ। ਪਰ ਮੇਰੇ ਸਮੇਤ ਉਸ ਵਿੱਚ ਕਰਮਚਾਰੀ ਸੰਘ ਦੇ ਪ੍ਰਧਾਨ ਨੇ ਵੀ ਹਿੱਸਾ ਲਿਆ ਸੀ, ਜਿਸ ਨੇ ਸੰਤ ਰਾਮ ਉਦਾਸੀ ਦੀ ਇੱਕ ਕਵਿਤਾ ਸੁਣਾਈ ਸੀ ਤੇ ਮੈਂ ਸੁਰਜੀਤ ਪਾਤਰ ਦੀ - 'ਹੁਣ ਘਰਾਂ ਨੂੰ ਪਰਤਣਾ...'

ਮੈਂ ਆਪਣੇ ਆਪ ਨੂੰ ਇਸ ਮੁਕਾਬਲੇ ਦੇ ਪਹਿਲੇ ਤਿੰਨ ਸਥਾਨਾਂ ਵਿੱਚ ਵੇਖ ਰਿਹਾ ਸਾਂ। ਮੈਨੂੰ ਲੱਗਦਾ ਸੀ ਕਿ ਮੇਰੀ ਕਵਿਤਾ ਦੂਜਾ ਜਾਂ ਤੀਜਾ ਇਨਾਮ ਹਾਸਲ ਕਰ ਸਕੇਗੀ। ਕਿਉਂਕਿ ਪਹਿਲੇ ਨੰਬਰ ਤੇ ਮੈਂ ਸੰਘ ਦੇ ਪ੍ਰਧਾਨ ਨੂੰ ਵੇਖ ਰਿਹਾ ਸਾਂ। ਇਸ ਲਈ ਨਹੀਂ ਕਿ ਉਸ ਦੀ ਪੇਸ਼ਕਾਰੀ ਮੇਰੇ ਨਾਲੋਂ ਕੋਈ ਵਧੀਆ ਸੀ, ਸਿਰਫ ਇਸ ਲਈ ਕਿ ਉਹ ਯੂਨੀਅਨ ਦਾ ਪ੍ਰਧਾਨ ਸੀ ਤੇ ਉਸਨੂੰ ਕਿਵੇਂ 'ਇਗਨੋਰ' ਕੀਤਾ ਜਾ ਸਕੇਗਾ!

ਪਰ ਮੈਂ ਉਦੋਂ ਬਹੁਤ ਹੈਰਾਨ ਹੋਇਆ, ਜਦੋਂ ਮੇਰੀ ਪੇਸ਼ਕਾਰੀ ਲਈ ਪਹਿਲੇ ਸਥਾਨ ਦੀ ਘੋਸ਼ਣਾ ਹੋਈ ਅਤੇ ਪ੍ਰਧਾਨ ਨੂੰ ਦੂਜੇ ਇਨਾਮ ਨਾਲ ਸਬਰ ਕਰਨਾ ਪਿਆ। ਇਹ ਘੋਸ਼ਣਾ ਕਰਨ ਵਾਲਾ ਯੂਨੀਵਰਸਿਟੀ ਦਾ ਹੀ ਇੱਕ ਅਧਿਆਪਕ ਸੀ, ਜੋ ਜੱਜਮੈਂਟ ਦੀ ਕੁਰਸੀ ਤੇ ਬਿਰਾਜਮਾਨ ਸੀ। ਜਿਹੜੇ ਹੋਰ ਦਰਸ਼ਕ ਪ੍ਰੋਗਰਾਮ ਨੂੰ ਮਾਣ ਰਹੇ ਸਨ, ਉਨ੍ਹਾਂ ਵਿੱਚ ਯੂਨੀਵਰਸਿਟੀ ਦੇ ਵਾਈਸ ਚਾਂਸਲਰ, ਰਜਿਸਟਰਾਰ, ਉਪ ਰਜਿਸਟਰਾਰ ਤੇ ਬਹੁ- ਗਿਣਤੀ ਵਿੱਚ ਕਰਮਚਾਰੀ ਸ਼ਾਮਲ ਸਨ।

ਇਸ ਪਿੱਛੋਂ ਮੈਂ ਚਾਰ ਵਾਰ ਪਾਤਰ ਨੂੰ ਮਿਲਿਆ ਹਾਂ। ਤਿੰਨ ਵਾਰ ਸਰੋਤੇ ਵਜੋਂ ਤੇ ਇੱਕ ਵਾਰ ਮੰਚ-ਸੰਚਾਲਕ ਵਜੋਂ, ਪਾਤਰ ਦੀ ਜਾਣ-ਪਛਾਣ ਕਰਵਾਉਣ ਲਈ, ਅਕਾਲ ਯੂਨੀਵਰਸਿਟੀ ਤਲਵੰਡੀ ਸਾਬੋ ਵਿਖੇ, ਮਿਤੀ 29 ਮਾਰਚ 2018 ਨੂੰ। ਇੱਥੇ ਮੈਂ ਇੱਕ ਵਾਰ ਫੇਰ ਪਾਤਰ ਨਾਲ ਆਪਣੀ ਪਹਿਲੀ ਮੁਲਾਕਾਤ ਇੱਕ ਪਾਠਕ ਵਜੋਂ ਕਰਵਾਈ, ਉਸੇ ਕਵਿਤਾ ਦਾ ਹਵਾਲਾ ਦਿੰਦਿਆਂ, ਜਿਸ ਵਿੱਚ ਮੈਨੂੰ ਪਹਿਲਾ ਪੁਰਸਕਾਰ ਮਿਲਿਆ ਸੀ।

ਸਾਰੀ ਯੂਨੀਵਰਸਿਟੀ ਇਸ ਸਮਾਗਮ ਵਿੱਚ ਮੌਜੂਦ ਸੀ, ਸਮੇਤ ਵਾਈਸ ਚਾਂਸਲਰ ਦੇ। ਉਨ੍ਹਾਂ ਨਾਲ ਉਨ੍ਹਾਂ ਦੇ ਛੋਟੇ ਭਰਾ ਉਪਕਾਰ ਸਿੰਘ ਵੀ ਆਏ ਸਨ। ਵਿਦਿਆਰਥੀਆਂ, ਅਧਿਆਪਕਾਂ, ਕਰਮਚਾਰੀਆਂ ਨੇ ਉਨ੍ਹਾਂ ਨਾਲ ਫੋਟੋਆਂ ਖਿਚਵਾਈਆਂ। ਛੁੱਟੀ ਹੋਣ ਤੋਂ ਬਾਅਦ ਵੀ ਅਸੀਂ ਕਾਫੀ ਸਮਾਂ ਉਨ੍ਹਾਂ ਨਾਲ ਬੈਠੇ ਰਹੇ, ਉਨ੍ਹਾਂ ਦੀਆਂ ਗੱਲਾਂ ਸੁਣਦੇ ਰਹੇ। ਅੱਜ ਜਦੋਂ ਸਰੀਰਕ ਤੌਰ ਇਹ ਮਹਾਨ ਸ਼ਾਇਰ ਸਾਡੇ ਵਿੱਚ ਮੌਜੂਦ ਨਹੀਂ ਤਾਂ ਮਨ ਭਾਵਕ ਹੋ ਰਿਹਾ ਹੈ।

ਅੱਜ ਮੈਂ ਐਵੇਂ ਹੀ ਪ੍ਰੋ. ਪ੍ਰੀਤਮ ਸਿੰਘ ਵੱਲੋਂ ਸੰਪਾਦਿਤ 'ਪੰਜਾਬੀ ਲੇਖਕ ਕੋਸ਼' (2003) ਵੇਖਣ ਲੱਗਾ ਹਾਂ। ਸੁਰਜੀਤ ਦੇ ਨਾਵਾਂ ਨੂੰ ਵੇਖਦਿਆਂ ਹੈਰਾਨੀ ਹੋਈ ਕਿ ਇਸ ਨਾਂ ਵਾਲੇ 29 ਲੇਖਕ ਹਨ, ਜਿਨ੍ਹਾਂ ਵਿੱਚ 4 ਲੇਖਕਾਵਾਂ ਵੀ ਹਨ। ਇਨ੍ਹਾਂ ਵਿੱਚ ਸਭ ਤੋਂ ਵੱਡੀ ਐਂਟਰੀ ਵਾਲੇ ਚਾਰ ਲੇਖਕ ਹਨ- ਸੁਰਜੀਤ ਸਿੰਘ ਸੇਠੀ, ਸੁਰਜੀਤ ਸਿੰਘ ਗਾਂਧੀ, ਸੁਰਜੀਤ ਸਿੰਘ ਭਾਟੀਆ ਅਤੇ ਸੁਰਜੀਤ ਪਾਤਰ। ਅੱਜ ਦੀ ਤਰੀਕ ਵਿੱਚ ਜੋ ਲੇਖਕ ਧਰੂ ਤਾਰੇ ਵਾਂਗ ਗਗਨ-ਮੰਡਲ ਤੇ ਚਮਕਦਾ ਵਿਖਾਈ ਦਿੰਦਾ ਹੈ, ਉਹ ਹੈ ਸੁਰਜੀਤ ਪਾਤਰ।



ਪ੍ਰੋ.ਨਵ ਸੰਗੀਤ ਸਿੰਘ
ਪੋਸਟਗ੍ਰੈਜੂਏਟ ਪੰਜਾਬੀ ਵਿਭਾਗ,
ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ
94176-92015.


aap
AAM AADMI PARTY
VOTE
&
SUPPORT
ਆਪ
ਆਮ ਆਦਮੀ ਪਾਰਟੀ
ਆਮ ਆਦਮੀ ਪਾਰਟੀ
ਫਿਰੋਜ਼ਪੁਰ
ਜਗਦੀਪ ਸਿੰਘ ਕਾਕਾ ਬਰਾੜ
ਗੁਰਦਾਸਪੁਰ
ਅਮਨ ਸ਼ੇਰ ਕਲਸੀ (ਸ਼ੈਰੀ ਕਲਸੀ)
ਜਲੰਧਰ SC
ਪਵਨ ਕੁਮਾਰ ਟੀਨੂੰ
ਲੁਧਿਆਣਾ
ਅਸ਼ੋਕ ਪਰਾਸ਼ਰ ਪੱਪੀ
ਆਨੰਦਪੁਰ ਸਾਹਿਬ
ਮਾਲਵਿੰਦਰ ਸਿੰਘ ਕੰਗ
ਹੁਸ਼ਿਆਰਪੁਰ
ਡਾ.ਰਾਜਕੁਮਾਰ ਚੱਬੇਵਾਲ
ਅੰਮ੍ਰਿਤਸਰ
ਕੁਲਦੀਪ ਧਾਲੀਵਾਲ
ਖਡੂਰ ਸਾਹਿਬ
ਲਾਲਜੀਤ ਭੁੱਲਰ
ਫਤਿਹਗੜ੍ਹ ਸਾਹਿਬ
ਗੁਰਪ੍ਰੀਤ ਸਿੰਘ ਜੀ.ਪੀ.
ਫਰੀਦਕੋਟ
ਕਰਮਜੀਤ ਅਨਮੋਲ
ਬਠਿੰਡਾ
ਗੁਰਮੀਤ ਸਿੰਘ ਖੁੱਡੀਆਂ
ਸੰਗਰੂਰ
ਗੁਰਮੀਤ ਸਿੰਘ ਮੀਤ ਹੇਅਰ
ਪਟਿਆਲਾ
ਡਾ. ਬਲਬੀਰ ਸਿੰਘ
ਜਾਰੀ ਕਰਤਾ
GULINDER GILL


aap
AAM AADMI PARTY
VOTE & SUPPORT
ਆਪ
ਆਮ ਆਦਮੀ ਪਾਰਟੀ
ਆਮ ਆਦਮੀ ਪਾਰਟੀ
ਫਿਰੋਜ਼ਪੁਰ
ਜਗਦੀਪ ਸਿੰਘ ਕਾਕਾ ਬਰਾੜ
ਗੁਰਦਾਸਪੁਰ
ਅਮਨ ਸ਼ੇਰ ਕਲਸੀ (ਸ਼ੈਰੀ ਕਲਸੀ)
ਜਲੰਧਰ SC
ਪਵਨ ਕੁਮਾਰ ਟੀਨੂੰ
ਲੁਧਿਆਣਾ
ਅਸ਼ੋਕ ਪਰਾਸ਼ਰ ਪੱਪੀ
ਆਨੰਦਪੁਰ ਸਾਹਿਬ
ਮਾਲਵਿੰਦਰ ਸਿੰਘ ਕੰਗ
ਹੁਸ਼ਿਆਰਪੁਰ
ਡਾ.ਰਾਜਕੁਮਾਰ ਚੱਬੇਵਾਲ
ਅੰਮ੍ਰਿਤਸਰ
ਕੁਲਦੀਪ ਧਾਲੀਵਾਲ
ਖਡੂਰ ਸਾਹਿਬ
ਲਾਲਜੀਤ ਭੁੱਲਰ
ਫਤਿਹਗੜ੍ਹ ਸਾਹਿਬ
ਗੁਰਪ੍ਰੀਤ ਸਿੰਘ ਜੀ.ਪੀ.
ਫਰੀਦਕੋਟ
ਕਰਮਜੀਤ ਅਨਮੋਲ
ਬਠਿੰਡਾ
ਗੁਰਮੀਤ ਸਿੰਘ ਖੁੱਡੀਆਂ
ਸੰਗਰੂਰ
ਗੁਰਮੀਤ ਸਿੰਘ ਮੀਤ ਹੇਅਰ
ਪਟਿਆਲਾ
ਡਾ. ਬਲਬੀਰ ਸਿੰਘ
ਜਾਰੀ ਕਰਤਾ
GURDEEP GILL


SAI JEWELERS
Making Every
Occassion Beautiful
30 ਸਾਲ ਤੋਂ ਵੱਧ ਦਾ ਤਜ਼ਰਬਾ | 3 ਪੀੜੀਆਂ ਤੋਂ ਕਰ ਰਹੇ ਗਹਿਣਿਆਂ ਦਾ ਕੰਮ
ਹਰ ਤਰ੍ਹਾਂ ਦੇ ਸੋਨੇ ਤੇ ਚਾਂਦੀ ਦੇ ਮਨਪਸੰਦ ਗਹਿਣੇ ਖ਼ਰੀਦੋ
ਗਹਿਣੇ ਪਾਲਿਸ਼ ਜਾਂ Repair ਕਰਵਾਓ
Exchange & Trade of
Jewellery Available
ਸਾਡੇ ਕੋਲ Gold ਤੇ Silver ਦੇ ਸਿੱਕੇ ਵੀ ਮਿਲਦੇ ਹਨ
Diamond Jewellery ਵਿਚ ਵੀ ਕਰਦੇ ਹਾਂ DEAL
ਤੁਸੀਂ ਸਾਡੇ ਕੋਲੋਂ ਗਹਿਣੇ Exchange ਵੀ ਕਰਵਾ ਸਕਦੇ ਹੋ
(ਅਸੀਂ ਪੁਰਾਣੇ ਗਹਿਣੇ ਲੈਕੇ ਨਵੇਂ ਗਹਿਣੇ ਦਿੰਦੇ ਹਾਂ )
Open : Tuesday -Sunday | 11:00 AM- 6:00 PM
Monday Available -By Call -ON APPPOINTMENTS
Visit our Store to Explore New Designs
ਵਧੇਰੇ ਜਾਣਕਾਰੀ ਲਈ ਕਾਲ ਕਰੋ :
ਧਰਮ ਚੌਹਾਨ -(209) 678-6600 | ਸਟੋਰ ਨੰਬਰ -(209) 408-8553
ADDRESS : 2900, Standiford Ave Ste, 16 B Modesto CA 95350

# ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਵੱਲੋਂ ਡਿਪਟੀ ਕਮਿਸ਼ਨਰਾਂ ਪੁਲਿਸ ਕਮਿਸ਼ਨਰਾਂ ਅਤੇ ਐਸ.ਐਸ.ਪੀਜ਼ ਨਾਲ ਰੀਵਿਊ ਮੀਟਿੰਗ

ਚੰਡੀਗੜ੍ਹ ਸਾਂਝੀ ਸੋਚ ਬਿਊਰੋ

ਸੂਬੇ ਵਿੱਚ ਸੁਤੰਤਰ, ਨਿਰਪੱਖ ਅਤੇ ਸ਼ਾਂਤਮਈ ਚੋਣਾਂ ਯਕੀਨੀ ਬਣਾਉਣ ਲਈ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਅੱਜ ਸਾਰੇ ਜ਼ਿਲ੍ਹਾ ਚੋਣ ਅਫ਼ਸਰਾਂ ਕਮ ਡਿਪਟੀ ਕਮਿਸ਼ਨਰਾਂ, ਪੁਲਿਸ ਕਮਿਸ਼ਨਰਾਂ ਅਤੇ ਐਸਐਸਪੀਜ਼ ਨਾਲ ਉੱਚ-ਪੱਧਰੀ ਮੀਟਿੰਗ ਕੀਤੀ। ਮੀਟਿੰਗ ਦੌਰਾਨ ਉਨ੍ਹਾਂ ਨੇ ਸੂਬੇ ਵਿੱਚ 1 ਜੂਨ, 2024 ਨੂੰ ਪੈਣ ਵਾਲੀਆਂ ਵੋਟਾਂ ਸਬੰਧੀ ਜ਼ਿਲ੍ਹਾ ਪੱਧਰ 'ਤੇ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲਿਆ।

ਵੀਡੀਓ ਕਾਨਫਰੰਸਿੰਗ ਰਾਹੀਂ ਰੀਵਿਊ ਮੀਟਿੰਗ ਕਰਦਿਆਂ ਸਿਬਿਨ ਸੀ ਨੇ ਅਧਿਕਾਰੀਆਂ ਨੂੰ ਭਾਰਤੀ ਚੋਣ ਕਮਿਸ਼ਨ ਦੁਆਰਾ ਜਾਰੀ ਕੀਤੇ ਗਏ ਸਾਰੇ ਦਿਸ਼ਾ-ਨਿਰਦੇਸ਼ਾਂ ਦੀ ਸਖ਼ਤੀ ਨਾਲ ਪਾਲਣਾ ਨੂੰ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਨੇ ਸੂਬੇ ਭਰ ਵਿੱਚ ਨਸ਼ੀਲੇ ਪਦਾਰਥਾਂ, ਨਕਦੀ, ਹਥਿਆਰ, ਅਤੇ ਹੋਰ ਗੈਰ ਕਾਨੂੰਨੀ ਵਸਤਾਂ ਦੀ ਆਮਦ ਨੂੰ ਰੋਕਣ ਲਈ ਆਦਰਸ਼ ਚੋਣ ਜ਼ਾਬਤੇ ਦੀ ਸਖ਼ਤੀ ਨਾਲ ਪਾਲਣਾ ਦੇ ਨਾਲ-ਨਾਲ ਉੱਡਣ ਦਸਤਿਆਂ ਤੇ ਆਬਕਾਰੀ ਟੀਮਾਂ ਦੇ ਗਠਨ ਸਮੇਤ ਸਰਹੱਦੀ ਜਾਂਚ ਚੌਕੀਆਂ ਸਥਾਪਤ ਕਰਨ 'ਤੇ ਜ਼ੋਰ ਦਿੱਤਾ।

ਵੋਟਾਂ ਵਾਲੇ ਦਿਨ ਸੰਭਾਵੀ ਗਰਮੀ ਦੇ ਮੱਦੇਨਜ਼ਰ ਸਿਬਿਨ ਸੀ ਨੇ ਅਧਿਕਾਰੀਆਂ ਨੂੰ ਆਪੋ-ਆਪਣੇ ਜ਼ਿਲ੍ਹਿਆਂ ਵਿੱਚ ਸਾਰੇ ਪੋਲਿੰਗ ਸਟੇਸ਼ਨਾਂ 'ਤੇ ਲੋੜੀਂਦੀਆਂ ਸਹੂਲਤਾਂ ਯਕੀਨੀ ਬਣਾਉਣ ਲਈ ਨਿਰਦੇਸ਼ ਦਿੱਤੇ। ਉਨ੍ਹਾਂ ਅੱਗੇ ਕਿਹਾ ਕਿ ਨਿਰਪੱਖ ਤੇ ਸ਼ਾਂਤਮਈ ਚੋਣ ਅਮਲ ਨੂੰ ਯਕੀਨੀ ਬਣਾਉਂਦਿਆਂ 'ਇਸ ਵਾਰ 70 ਪਾਰ' ਦੇ ਟੀਚੇ ਦੀ ਪ੍ਰਾਪਤੀ ਲਈ ਹਰ ਸੰਭਵ ਕਦਮ ਚੁੱਕੇ ਜਾਣ। ਸਿਬਿਨ ਸੀ ਨੇ ਅਧਿਕਾਰੀਆਂ ਨੂੰ ਪੋਲਿੰਗ ਬੂਥਾਂ 'ਤੇ ਵੋਟਰਾਂ ਦੀ ਸਹੂਲਤ ਲਈ ਵੱਖ -ਵੱਖ ਸੁਵਿਧਾਵਾਂ ਜਿਵੇਂ ਕਿ ਵੋਟਰਾਂ ਨੂੰ ਆਕਰਸ਼ਿਤ ਕਰਨ ਲਈ ਗੁਲਾਬੀ ਤੇ ਹਰੇ ਰੰਗ ਦੇ ਪੋਲਿੰਗ ਬੂਥਾਂ ਦੇ ਨਾਲ-ਨਾਲ ਨੌਜਵਾਨਾਂ ਅਤੇ ਦਿਵਿਆਂਗ ਵਿਅਕਤੀਆਂ ਲਈ ਵੱਖਰੇ ਬੂਥ ਲਗਾਉਣ ਲਈ ਵੀ ਕਿਹਾ।

ਇਸ ਦੇ ਨਾਲ ਹੀ ਉਨ੍ਹਾਂ ਨੇ ਦਿਵਿਆਂਗ ਵੋਟਰਾਂ ਲਈ ਵਿਸ਼ੇਸ਼ ਸਹੂਲਤਾਂ ਦਾ ਪ੍ਰਬੰਧ ਕਰਨ ਦੇ ਨਾਲ-ਨਾਲ ਸੂਬੇ ਭਰ ਦੇ ਹਰੇਕ ਪੋਲਿੰਗ ਸਟੇਸ਼ਨ 'ਤੇ ਘੱਟੋ-ਘੱਟ ਇੱਕ ਵ੍ਹੀਲਚੇਅਰ ਦੀ ਉਪਲੱਬਧਤਾ ਯਕੀਨੀ ਬਣਾਉਣ ਲਈ ਵੀ ਕਿਹਾ।

ਮੁੱਖ ਚੋਣ ਅਫ਼ਸਰ ਨੇ ਅਧਿਕਾਰੀਆਂ ਨੂੰ ਸਾਰੇ ਉਮੀਦਵਾਰਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਅਮਨ-ਕਾਨੂੰਨ ਦੀ ਸਥਿਤੀ ਕਾਇਮ ਰੱਖਣ ਦੇ ਨਿਰਦੇਸ਼ ਵੀ ਦਿੱਤੇ। ਇਸ ਮੌਕੇ ਉਨ੍ਹਾਂ ਨੇ ਕੇਂਦਰੀ ਬਲਾਂ ਦੀ ਤਾਇਨਾਤੀ ਅਤੇ ਹੋਰ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਦੇ ਨਾਲ ਹੀ ਉਨ੍ਹਾਂ ਨੇ ਜ਼ਿਲ੍ਹਾ ਅਧਿਕਾਰੀਆਂ ਤੋਂ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਦੀ ਸਥਿਤੀ ਅਤੇ ਵੋਟਰ ਸਲਿੱਪਾਂ ਦੀ ਵੰਡ ਦੇ ਪ੍ਰਬੰਧਾਂ ਬਾਰੇ ਵੀ ਜਾਣਕਾਰੀ ਮੰਗੀ।

ਮੀਟਿੰਗ ਦੌਰਾਨ ਮੁੱਖ ਚੋਣ ਅਧਿਕਾਰੀ ਨੇ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੋਸਟਲ ਬੈਲਟਾਂ ਦੀ ਪ੍ਰਾਪਤੀ ਦੇ ਪ੍ਰਬੰਧਨ, ਸਟਰਾਂਗ ਰੂਮਾਂ ਵਿੱਚ ਸੁਰੱਖਿਆ ਪ੍ਰਬੰਧਾਂ ਅਤੇ ਸੀ.ਸੀ.ਟੀ.ਵੀ, ਵੀਡੀਓਗ੍ਰਾਫੀ ਸੈੱਟਅੱਪ ਲਈ ਢੁਕਵੇਂ ਪ੍ਰਬੰਧਾਂ ਦੀ ਸਮੀਖਿਆ ਵੀ ਕੀਤੀ। ਉਨ੍ਹਾਂ ਨੇ ਗਿਣਤੀ ਕੇਂਦਰਾਂ ਵਿੱਚ ਹਰੇਕ ਟੇਬਲ 'ਤੇ ਮਾਈਕ੍ਰੋ-ਅਬਜ਼ਰਵਰ ਤਾਇਨਾਤ ਕਰਨ ਅਤੇ ਕਾਊਂਟਿੰਗ ਹਾਲਾਂ ਵਿੱਚ ਢੁਕਵੇਂ ਪ੍ਰਬੰਧ ਯਕੀਨੀ ਬਣਾਉਣ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ।

ਸਿਬਿਨ ਸੀ ਨੇ ਗਿਣਤੀ ਕੇਂਦਰਾਂ ਦੇ ਅੰਦਰ ਅਤੇ ਬਾਹਰ ਬੈਰੀਕੇਡਿੰਗ ਅਤੇ ਗਿਣਤੀ ਕੇਂਦਰਾਂ ਤੱਕ ਈ.ਵੀ.ਐਮ. ਮਸ਼ੀਨਾਂ ਲੈ ਕੇ ਜਾਣ ਵਾਲੇ ਰਸਤਿਆਂ ਦਾ ਜਾਇਜ਼ਾ ਵੀ ਲਿਆ। ਉਨ੍ਹਾਂ ਨੇ ਅਧਿਕਾਰੀਆਂ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਵੀ.ਵੀ.ਪੀ.ਏ.ਟੀ. ਪੇਪਰ ਸਲਿੱਪਾਂ ਦੀ ਤਸਦੀਕ ਲਈ ਇਨ੍ਹਾਂ ਖੇਤਰਾਂ ਨੂੰ ਉਚਿਤ ਢੰਗ ਨਾਲ ਸੈਨੀਟਾਈਜ਼ ਕਰਨ ਵਾਸਤੇ ਲੋੜੀਂਦੇ ਕਦਮ ਚੁੱਕੇ ਜਾਣ। ਉਨ੍ਹਾਂ ਨੇ ਪੋਲਿੰਗ ਸਟੇਸ਼ਨਾਂ 'ਤੇ ਇੰਟਰਨੈਟ ਲਈ ਢੁਕਵੇਂ ਪ੍ਰਬੰਧ ਕਰਨ ਲਈ ਵੀ ਕਿਹਾ।

ਉਨ੍ਹਾਂ ਨੇ ਅਧਿਕਾਰੀਆਂ ਨੂੰ "ਐਨਕੋਰ" ਐਪ 'ਤੇ ਵੋਟਰ ਟਰਨ-ਆਊਟ ਡੇਟਾ ਦਾਖਲ ਕਰਨ ਵਾਸਤੇ ਸੁਚਾਰੂ ਪ੍ਰਬੰਧ ਕਰਨ ਲਈ ਆਖਦਿਆਂ ਦਫਤਰ, ਮੁੱਖ ਚੋਣ ਅਫ਼ਸਰ ਨੂੰ ਵੈਬਸਾਈਟ ਰਾਹੀਂ ਸਮੇਂ ਸਿਰ ਰਿਪੋਰਟਾਂ ਭੇਜਣ ਦੇ ਨਿਰਦੇਸ਼ ਵੀ ਦਿੱਤੇ ਤਾਂ ਜੋ ਪੋਲਿੰਗ ਡੇਟਾ ਨੂੰ ਢੁੱਕਵੇਂ ਢੰਗ ਨਾਲ ਇਕੱਠਾ ਕੀਤਾ ਜਾ ਸਕੇ।

ਇਸ ਮੌਕੇ ਕਾਨੂੰਨ ਤੇ ਵਿਵਸਥਾ ਬਾਰੇ ਵਿਸ਼ੇਸ਼ ਡਾਇਰੈਕਟਰ ਜਨਰਲ ਆਫ਼ ਪੁਲਿਸ ਅਰਪਿਤ ਸ਼ੁਕਲਾ ਨੇ ਵੀ ਜ਼ਿਲ੍ਹਾ ਪੁਲਿਸ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਸਾਰੀਆਂ ਸਿਆਸੀ ਪਾਰਟੀਆਂ ਅਤੇ ਉਮੀਦਵਾਰਾਂ ਲਈ ਬਰਾਬਰ ਦਾ ਮਾਹੌਲ ਯਕੀਨੀ ਬਣਾਉਣ ਦੇ ਨਾਲ-ਨਾਲ ਚੋਣਾਂ ਦੌਰਾਨ ਡਰਾਉਣ-ਧਮਕਾਉਣ ਅਤੇ ਭਰਮਾਉਣ ਦੀਆਂ ਕਾਰਵਾਈਆਂ 'ਤੇ ਨੇੜਿਓਂ ਨਜ਼ਰ ਰੱਖਦਿਆਂ ਸੂਬੇ ਵਿੱਚ ਅਮਨ ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣ।

ਮੀਟਿੰਗ ਦੌਰਾਨ ਵਧੀਕ ਮੁੱਖ ਚੋਣ ਅਫ਼ਸਰ ਹਰੀਸ਼ ਨਈਅਰ ਅਤੇ ਅਭਿਜੀਤ ਕਪਲਿਸ਼, ਜੁਆਇੰਟ ਮੁੱਖ ਚੋਣ ਅਫ਼ਸਰ ਸਕੱਤਰ ਸਿੰਘ ਬੱਲ ਅਤੇ ਮੁੱਖ ਚੋਣ ਅਧਿਕਾਰੀ ਦਫ਼ਤਰ ਦੇ ਹੋਰ ਅਧਿਕਾਰੀ ਵੀ ਮੌਜੂਦ ਸਨ।

# ਖਾਲਿਸਤਾਨੀ ਧਮਕੀਆਂ ਦੇ ਮੱਦੇਨਜ਼ਰ ਰਾਅ ਅਤੇ ਐਨਆਈਏ ਦੇ ਸਾਬਕਾ ਮੁਖੀਆਂ ਨੂੰ ਜ਼ੈੱਡ ਸ਼੍ਰੇਣੀ ਦੀ ਸੁਰੱਖਿਆ

ਚੰਡੀਗੜ੍ਹ ਸਾਂਝੀ ਸੋਚ ਬਿਊਰੋ

ਖਾਲਿਸਤਾਨੀ ਅੱਤਵਾਦੀ ਸਮੂਹਾਂ ਵੱਲੋਂ ਖਾਲਿਸਤਾਨੀ ਸਮਰਥਕ ਸੰਗਠਨਾਂ ਨਾਲ ਨਜਿੱਠਣ ਲਈ ਕੰਮ ਕਰ ਚੁੱਕੇ ਭਾਰਤੀ ਅਧਿਕਾਰੀਆਂ ਨੂੰ ਵੱਧ ਰਹੀਆਂ ਧਮਕੀਆਂ ਦੇ ਮੱਦੇਨਜ਼ਰ ਸਰਕਾਰ ਇਨ੍ਹਾਂ ਅਧਿਕਾਰੀਆਂ ਦੀ ਸੁਰੱਖਿਆ ਵਧਾ ਸਕਦੀ ਹੈ।

ਇੱਕ ਕੇਂਦਰੀ ਖੁਫੀਆ ਏਜੰਸੀ ਦੇ ਵਿਸ਼ਲੇਸ਼ਣ ਵਿੱਚ ਪਾਇਆ ਗਿਆ ਹੈ ਕਿ ਕੁਝ ਅਧਿਕਾਰੀਆਂ ਨੂੰ ਖਾਲਿਸਤਾਨੀ ਸਮੂਹਾਂ ਤੋਂ ਧਮਕੀਆਂ ਮਿਲ ਰਹੀਆਂ ਹਨ। ਹਾਲ ਹੀ ਵਿੱਚ ਦੋ ਪ੍ਰਮੁੱਖ ਅਧਿਕਾਰੀਆਂ, ਰਾਅ ਦੇ ਸਾਬਕਾ ਮੁਖੀ ਸਾਮੰਤ ਗੋਇਲ ਅਤੇ ਐਨਆਈਏ ਦੇ ਸਾਬਕਾ ਮੁਖੀ ਦਿਨਕਰ ਗੁਪਤਾ ਨੂੰ ਜ਼ੈੱਡ ਸ਼੍ਰੇਣੀ ਦੀ ਸੁਰੱਖਿਆ ਦਿੱਤੀ ਗਈ ਹੈ। ਸੀਆਰਪੀਐਫ ਹੁਣ ਇਨ੍ਹਾਂ ਦੋਵਾਂ ਸਾਬਕਾ ਚੋਟੀ ਦੇ ਅਧਿਕਾਰੀਆਂ ਨੂੰ ਸੁਰੱਖਿਆ ਕਵਰ ਪ੍ਰਦਾਨ ਕਰ ਰਹੀ ਹੈ ਜੋ ਕੁਝ ਹਫ਼ਤੇ ਪਹਿਲਾਂ ਸੇਵਾਮੁਕਤ ਹੋਏ ਸਨ। ਦੋਵਾਂ ਚੋਟੀ ਦੇ ਅਧਿਕਾਰੀਆਂ ਨੂੰ ਖਤਰੇ ਦੀਆਂ ਰਿਪੋਰਟਾਂ ਤੋਂ ਬਾਅਦ ਸੁਰੱਖਿਆ ਦਿੱਤੀ ਗਈ ਸੀ, ਜਿਸ ਵਿਚ ਅੱਤਵਾਦੀ ਸਮੂਹਾਂ, ਮੁੱਖ ਤੌਰ 'ਤੇ ਖਾਲਿਸਤਾਨੀ ਸਮਰਥਕ ਸੰਗਠਨਾਂ ਤੋਂ ਸਿੱਧਾ ਖਤਰਾ ਦੱਸਿਆ ਗਿਆ ਸੀ।



ਦੋਵਾਂ ਅਧਿਕਾਰੀਆਂ ਨੇ ਪੀਕੇਈ ਦੇ ਗੱਠਜੋੜ ਨੂੰ ਤੋੜਨ 'ਤੇ ਕੰਮ ਕੀਤਾ ਹੈ ਅਤੇ ਅਤਿ ਸੰਵੇਦਨਸ਼ੀਲ ਅਹੁਦਿਆਂ ਦੀ ਅਗਵਾਈ ਕੀਤੀ ਹੈ। ਐਨਆਈਏ ਖਾਲਿਸਤਾਨੀ ਅੱਤਵਾਦੀ ਸਮੂਹਾਂ ਵਿਰੁੱਧ ਕੇਂਦਰੀ ਏਜੰਸੀ ਵੱਲੋਂ ਦਾਇਰ ਵੱਖ-ਵੱਖ ਮਾਮਲਿਆਂ ਦੀ ਜਾਂਚ ਕਰ ਰਹੀ ਹੈ, ਜਦੋਂ ਕਿ ਖਾਲਿਸਤਾਨੀ ਨੇਤਾ ਗੁਰਪਤਵੰਤ ਸਿੰਘ ਪੰਨੂ ਦੀ ਹੱਤਿਆ ਦੀ ਕਥਿਤ ਕੋਸ਼ਿਸ਼ ਲਈ ਅੰਤਰਰਾਸ਼ਟਰੀ ਮੀਡੀਆ ਪਹਿਲਾਂ ਹੀ ਸਾਬਕਾ ਮੁਖੀ ਦਾ ਨਾਮ ਘਸੀਟ ਚੁੱਕਾ ਹੈ। ਸੂਤਰਾਂ ਨੇ ਨਿਊਜ਼ 18 ਨੂੰ ਪੁਸ਼ਟੀ ਕੀਤੀ ਹੈ ਕਿ ਭਾਰਤ ਵਿੱਚ ਅਜਿਹੇ ਅਧਿਕਾਰੀ ਕੰਮ ਕਰ ਰਹੇ ਹਨ ਜਿਨ੍ਹਾਂ ਨੂੰ ਖਾਲਿਸਤਾਨੀ ਸਮੂਹਾਂ ਤੋਂ ਧਮਕੀਆਂ ਮਿਲ ਰਹੀਆਂ ਹਨ। ਉਨ੍ਹਾਂ ਦੇ ਸੁਰੱਖਿਆ ਕਵਰ ਦੀ ਜਲਦੀ ਹੀ ਸਮੀਖਿਆ ਕੀਤੀ ਜਾਵੇਗੀ ਅਤੇ ਇਸ ਨੂੰ ਅਪਗ੍ਰੇਡ ਕੀਤਾ ਜਾ ਸਕਦਾ ਹੈ। ਹਾਲਾਂਕਿ ਇਸ ਮੁੱਦੇ 'ਤੇ ਵਿਚਾਰ ਵਟਾਂਦਰੇ ਲਈ ਮਈ ਦੇ ਪਹਿਲੇ ਹਫ਼ਤੇ ਮੀਟਿੰਗ ਹੋਣੀ ਸੀ, ਪਰ ਇਸ ਨੂੰ ਮੁਲਤਵੀ ਕਰ ਦਿੱਤਾ ਗਿਆ।

ਖਾਲਿਸਤਾਨੀ ਸਮਰਥਕ ਸੰਗਠਨ ਪਹਿਲਾਂ ਹੀ ਕੈਨੇਡਾ, ਬ੍ਰਿਟੇਨ ਵਿਚ ਵੱਖ-ਵੱਖ ਭਾਰਤੀ ਡਿਪਲੋਮੈਟਾਂ ਨੂੰ ਧਮਕੀਆਂ ਦੇ ਰਹੇ ਹਨ ਅਤੇ ਹਿੰਸਕ ਪ੍ਰਦਰਸ਼ਨਾਂ ਅਤੇ ਸੋਸ਼ਲ ਮੀਡੀਆ ਰਾਹੀਂ ਚੇਤਾਵਨੀ ਜਾਰੀ ਕਰ ਰਹੇ ਹਨ। ਪਿਛਲੇ ਸਾਲ ਜੂਨ 'ਚ ਮਾਰੇ ਗਏ ਲੋੜੀਂਦੇ ਅੱਤਵਾਦੀ ਹਰਦੀਪ ਸਿੰਘ ਨਿੱਝਰ ਦੇ ਮਾਰੇ ਜਾਣ ਤੋਂ ਬਾਅਦ ਇਹ ਸੰਗਠਨ ਹੋਰ ਹਮਲਾਵਰ ਹੋ ਗਏ ਹਨ। ਬਾਅਦ ਵਿਚ ਤਿੰਨ ਵਿਅਕਤੀਆਂ 'ਤੇ ਨਿੱਜਰ ਦੀ ਹੱਤਿਆ ਦਾ ਦੋਸ਼ ਲਗਾਇਆ ਗਿਆ ਸੀ, ਜਿਸ ਨਾਲ ਕੈਨੇਡਾ ਅਤੇ ਭਾਰਤ ਵਿਚਾਲੇ ਕੂਟਨੀਤਕ ਸੰਕਟ ਪੈਦਾ ਹੋ ਗਿਆ ਸੀ।

ਖਾਲਿਸਤਾਨੀ ਸਮਰਥਕ ਸੰਗਠਨਾਂ ਦਾ ਚਿਹਰਾ ਗੁਰਪਤਵੰਤ ਸਿੰਘ ਪੰਨੂ, ਜੋ ਕਿ ਲੋੜੀਂਦਾ ਹੈ, ਲਗਭਗ ਹਰ ਹਫਤੇ ਸੋਸ਼ਲ ਮੀਡੀਆ ਰਾਹੀਂ ਕੈਨੇਡਾ ਅਤੇ ਬ੍ਰਿਟੇਨ ਵਿਚ ਭਾਰਤੀ ਡਿਪਲੋਮੈਟਾਂ ਨੂੰ ਖੁੱਲ੍ਹੇਆਮ ਧਮਕੀਆਂ ਦਿੰਦਾ ਹੈ।

# ਅਰਵਿੰਦ ਕੇਜਰੀਵਾਲ ਅਤੇ ਭਗਵੰਤ ਮਾਨ ਨੇ ਸ਼੍ਰੀ ਦੁਰਗਿਆਣਾ ਮੰਦਿਰ ਵਿਖੇ ਟੇਕਿਆ ਮੱਥਾ, ਲੋਕਾਂ ਦੀ ਭਲਾਈ ਲਈ ਕੀਤੀ ਅਰਦਾਸ

ਅੰਮ੍ਰਿਤਸਰ ਸਾਂਝੀ ਸੋਚ ਬਿਊਰੋ

ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਵੀਰਵਾਰ ਨੂੰ ਅੰਮ੍ਰਿਤਸਰ ਦੇ ਸ਼੍ਰੀ ਦੁਰਗਿਆਣਾ ਮੰਦਰ ਵਿੱਚ ਮੱਥਾ ਟੇਕਿਆ ਅਤੇ ਮਾਤਾ ਦਾ ਆਸ਼ੀਰਵਾਦ ਲਿਆ। ਮੱਥਾ ਟੇਕਣ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਕੇਜਰੀਵਾਲ ਨੇ ਕਿਹਾ ਕਿ ਉਨ੍ਹਾਂ ਨੇ ਪੰਜਾਬ ਦੀ ਸ਼ਾਂਤੀ ਅਤੇ ਖੁਸ਼ਹਾਲੀ ਲਈ ਸ਼੍ਰੀ ਦੁਰਗਿਆਣਾ ਮੰਦਰ ਵਿਖੇ ਅਰਦਾਸ ਕੀਤੀ ਹੈ। ਅਸੀਂ ਪੰਜਾਬ ਦੇ ਲੋਕਾਂ ਦੀ ਤਰੱਕੀ ਅਤੇ ਭਲਾਈ ਲਈ ਮਾਤਾ ਅੱਗੇ ਅਰਦਾਸ ਕਰਦੇ ਹਾਂ ਕਿ ਮਾਂ ਦਾ ਆਸ਼ੀਰਵਾਦ ਹਮੇਸ਼ਾ ਲੋਕਾਂ 'ਤੇ ਬਣਿਆ ਰਹੇ, ਇਹੀ ਮੇਰੀ ਕਾਮਨਾ ਹੈ। ਜੇਲ੍ਹ ਤੋਂ ਬਾਹਰ ਆਉਣ ਤੋਂ ਬਾਅਦ ਅਰਵਿੰਦ ਕੇਜਰੀਵਾਲ ਪਹਿਲੀ ਵਾਰ ਪੰਜਾਬ ਆਏ ਹਨ। ਉਨ੍ਹਾਂ ਅੰਮ੍ਰਿਤਸਰ ਵਿੱਚ ਭਗਵੰਤ ਮਾਨ ਨਾਲ ਰੋਡ ਸ਼ੋਅ ਵੀ ਕੀਤਾ। ਇਸ ਦੌਰਾਨ



ਉਨ੍ਹਾਂ ਦੇ ਨਾਲ ਆਮ ਆਦਮੀ ਪਾਰਟੀ ਦੇ ਅੰਮ੍ਰਿਤਸਰ ਤੋਂ ਲੋਕ-ਸਭਾ ਉਮੀਦਵਾਰ ਕੁਲਦੀਪ ਧਾਲੀਵਾਲ ਅਤੇ ਵੱਡੀ ਗਿਣਤੀ ਵਿੱਚ ਪਾਰਟੀ ਸਮਰਥਕ ਵੀ ਮੌਜੂਦ ਸਨ।

# ਬੀਕੇਯੂ ਉਗਰਾਹਾਂ ਦੀ ਜ਼ਿਲ੍ਹਾ ਪੱਧਰੀ ਮੀਟਿੰਗ 'ਚ ਅਹਿਮ ਮਸਲੇ ਵਿਚਾਰੇ

ਮਸਤੂਆਣਾ ਸਾਹਿਬ ਸਾਂਝੀ ਸੋਚ ਬਿਊਰੋ

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਮੀਟਿੰਗ ਗੁਰੂ ਘਰ ਮਸਤੂਆਣਾ ਸਾਹਿਬ ਵਿਖੇ ਕੀਤੀ ਗਈ। ਇਹ ਮੀਟਿੰਗ ਬਲਾਕ ਦੇ ਪ੍ਰਧਾਨ ਰਣਜੀਤ ਸਿੰਘ ਲੌਂਗੋਵਾਲ ਦੀ ਅਗਵਾਈ ਵਿੱਚ ਕੀਤੀ ਗਈ, ਜਿਸ ਵਿੱਚ ਜ਼ਿਲ੍ਹਾ ਆਗੂ ਦਰਸ਼ਨ ਸਿੰਘ ਚੰਗਾਲੀ ਵਿਸ਼ੇਸ਼ ਤੌਰ ਤੇ ਪਹੁੰਚੇ। ਮੀਟਿੰਗ ਵਿੱਚ ਵੱਖ-ਵੱਖ ਏਜੰਡੇ ਰੱਖੇ ਗਏ। ਮੀਟਿੰਗ ਦੌਰਾਨ ਸੰਗਰੂਰ ਬਲਾਕ ਦੇ ਜਨਰਲ ਸਕੱਤਰ ਜਗਤਾਰ ਸਿੰਘ ਲੱਡੀ ਨੇ ਬੋਲਦੇ ਹੋਏ ਕਿਹਾ 17 ਮਈ 2024 ਨੂੰ ਬਰਨਾਲਾ ਵਿਖੇ ਔਰਤਾਂ ਦੀ ਮੀਟਿੰਗ ਰੱਖੀ ਗਈ ਹੈ ਜੋ ਵੱਡੀ ਗਿਣਤੀ ਵਿੱਚ ਕੀਤੀ ਜਾਵੇਗੀ ਅਤੇ 26 ਮਈ ਨੂੰ ਬਰਨਾਲਾ ਵਿਖੇ ਸੰਗਰਾਮ ਰੈਲੀ ਕੀਤੀ ਜਾ ਰਹੀ ਹੈ। ਇਹ ਰੈਲੀ ਵੱਡੀ ਪੱਧਰ ਤੇ ਕੀਤੀ ਜਾ ਰਹੀ ਹੈ ਇਸ ਮੀਟਿੰਗ ਵਿੱਚ ਪਿੰਡਾਂ ਦੀਆਂ ਇਕਾਈਆਂ ਨੂੰ ਫੰਡਾਂ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਫੰਡ ਇਕੱਠਾ ਕਰਨ ਲਈ ਕਿਹਾ ਗਿਆ। ਮੀਟਿੰਗ ਵਿੱਚ ਬਲਾਕ ਆਗੂ ਖਜਾਨਚੀ ਕਰਮਜੀਤ ਸਿੰਘ ਮੰਗਵਾਲ, ਹਰਮੇਲ ਸਿੰਘ ਲੋਹਾਖੇੜਾ, ਬੂਟਾ ਸਿੰਘ



ਲੌਂਗੋਵਾਲ, ਸੁਖਦੇਵ ਸਿੰਘ ਰਸਾਲਦਾਰ ਛੰਨਾ, ਭੁਪਿੰਦਰ ਸਿੰਘ ਬਗੁਆਣਾ, ਚਮਕੌਰ ਸਿੰਘ ਲੱਡੀ, ਕਰਮਜੀਤ ਸਿੰਘ ਮੰਡੇਰ ਅਤੇ ਪਿੰਡ ਇਕਾਈਆਂ ਦੇ ਪ੍ਰਧਾਨ ਸਕੱਤਰ ਅਤੇ ਵਰਕਰ ਹਾਜ਼ਰ ਹੋਏ।

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

**AUTO • HOME • TRUCK • BUSINESS • LIFE • MEDICAL**

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜ਼ਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us




Capital DRUG TESTING

# CAPITAL DRUG TESTING

## Drug and Alcohol Test

## DOT / NON DOT

**PRE EMPLOYMENT - RANDOM**
**POST ACCIDENT - REASONABLE SUSPICION**

**Services: DOT Random Prog., FMCSA Clearinghouse, DOT Supervisor Training, SAP Classes Etc.**

**Lab. Ph:(916) 680-9293**

6624 Florin Road
Sacramento CA, 95828

Email: capitaldrugtest@gmail.com
Website: www.capitaldrugtest.com



# ਚੋਣ ਕਮਿਸ਼ਨ ਵੱਲੋਂ ਤਾਇਨਾਤ ਜਨਰਲ ਅਬਜ਼ਰਵਰ ਦਿਨੇਸ਼ਨ ਐਚ ਵੱਲੋਂ ਵੱਖ-ਵੱਖ ਚੌਕਸੀ ਸੈੱਲਾਂ ਦਾ ਅਚਨਚੇਤ ਦੌਰਾ

**ਸੰਗਰੂਰ ਸਾਂਝੀ ਸੋਚ ਬਿਊਰੋ**

ਭਾਰਤੀ ਚੋਣ ਕਮਿਸ਼ਨ ਵੱਲੋਂ ਲੋਕ ਸਭਾ ਹਲਕਾ ਸੰਗਰੂਰ ਲਈ ਤਾਇਨਾਤ ਕੀਤੇ ਗਏ ਜਨਰਲ ਅਬਜ਼ਰਵਰ ਦਿਨੇਸ਼ਨ ਐਚ. ਵੱਲੋਂ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਥਾਪਤ ਵੱਖ-ਵੱਖ ਚੌਕਸੀ ਸੈੱਲਾਂ ਦਾ ਅਚਨਚੇਤ ਦੌਰਾ ਕਰਕੇ ਕਾਰਜਾਂ ਦਾ ਜਾਇਜ਼ਾ ਲਿਆ ਗਿਆ। ਉਨ੍ਹਾਂ ਨੇ ਲੋਕ ਸਭਾ ਚੋਣਾਂ ਨਾਲ ਸਬੰਧਤ ਸ਼ਿਕਾਇਤਾਂ ਦੇ ਫੌਰੀ ਨਿਪਟਾਰੇ ਅਤੇ ਆਦਰਸ਼ ਚੋਣ ਜ਼ਾਬਤੇ ਦੀ ਪਾਲਣਾ ਨੂੰ ਯਕੀਨੀ ਬਣਾਉਣ ਲਈ ਤਾਇਨਾਤ ਟੀਮਾਂ ਕੋਲੋਂ ਹੁਣ ਤੱਕ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਅਤੇ ਸੀ-ਵਿਜਿਲ 'ਤੇ ਪ੍ਰਾਪਤ ਹੋਣ ਵਾਲੇ ਮਾਮਲਿਆਂ ਦੇ ਨਿਰਧਾਰਤ 100 ਮਿੰਟਾਂ ਅੰਦਰ ਨਿਪਟਾਰੇ ਲਈ ਮੁਸਤੈਦ ਰਹਿਣ ਲਈ ਆਖਿਆ। ਉਨ੍ਹਾਂ ਇਸ ਦੌਰਾਨ ਅੰਤਰ ਰਾਜੀ ਨਾਕਿਆਂ ਦੀ ਸੀ.ਸੀ.ਟੀ.ਵੀ ਰਾਹੀਂ ਚੱਲ ਰਹੀ ਨਿਗਰਾਨੀ ਪ੍ਰਕਿਰਿਆ ਬਾਰੇ ਵੀ ਜਾਣਕਾਰੀ ਲਈ ਅਤੇ ਵੈਬਕਾਸਟਿੰਗ ਰੂਮ ਵਿੱਚ ਤਾਇਨਾਤ ਸਟਾਫ਼ ਨਾਲ ਗੱਲਬਾਤ ਕੀਤੀ।



ਜਨਰਲ ਅਬਜ਼ਰਵਰ ਦਿਨੇਸ਼ਨ ਐਚ. ਨੇ ਮੀਡੀਆ ਸਰਟੀਫਿਕੇਸ਼ਨ ਐਂਡ ਮੋਨੀਟਰਿੰਗ ਕਮੇਟੀ ਵੱਲੋਂ ਪ੍ਰਿੰਟ ਮੀਡੀਆ, ਇਲੈਕਟਰੋਨਿਕ ਮੀਡੀਆ ਤੇ ਸੋਸ਼ਲ ਮੀਡੀਆ ਦੀ ਨਿਗਰਾਨੀ ਲਈ ਕੀਤੇ ਜਾ ਰਹੇ ਕਾਰਜਾਂ ਦੀ ਵੀ ਵਿਸਤ੍ਰਿਤ ਸਮੀਖਿਆ ਕੀਤੀ।

ਉਨ੍ਹਾਂ ਕਿਹਾ ਕਿ ਮੁੱਲ ਦੀਆਂ ਖ਼ਬਰਾਂ (ਪੇਡ ਨਿਊਜ਼) ਦੀ ਰੋਕਥਾਮ ਲਈ ਢੁਕਵੇਂ ਕਦਮ ਪੁੱਟੇ ਜਾਣ ਅਤੇ ਜੇਕਰ ਕੋਈ ਵੀ ਉਮੀਦਵਾਰ ਜਾਂ ਸਿਆਸੀ ਪਾਰਟੀ ਐਮ.ਸੀ.ਐਮ.ਸੀ ਦੀ ਪੂਰਵ ਪ੍ਰਵਾਨਗੀ ਤੋਂ ਬਿਨਾਂ ਇਲੈਕਟਰੋਨਿਕ ਮੀਡੀਆ ਜਾਂ ਸੋਸ਼ਲ ਮੀਡੀਆ ਦੇ ਦਾਇਰੇ ਅਧੀਨ ਆਉਂਦੇ ਕਿਸੇ ਵੀ ਸਾਧਨ ਉਤੇ ਜਾਂ ਈ-ਪੇਪਰ 'ਤੇ ਰਾਜਨੀਤਕ ਇਸ਼ਤਿਹਾਰ ਜਾਰੀ ਕਰਦੀ ਹੈ ਤਾਂ ਉਸ ਦਾ ਖਰਚਾ ਬੁੱਕ ਕਰਨ ਦੇ ਨਾਲ ਨਾਲ ਨਿਯਮਾਂ ਮੁਤਾਬਕ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ।

ਉਨ੍ਹਾਂ ਕਿਹਾ ਕਿ ਆਦਰਸ਼ ਚੋਣ ਜ਼ਾਬਤੇ ਦੀ ਪਾਲਣਾ ਹਿੱਤ ਹਰ ਪ੍ਰਕਾਰ ਦੇ ਸੋਸ਼ਲ ਤੇ ਇਲੈਕਟਰੋਨਿਕ ਮੀਡੀਆ ਸਾਧਨਾਂ 'ਤੇ ਚੋਣ ਪ੍ਰਚਾਰ ਵਜੋਂ ਪਾਏ ਜਾਣ ਵਾਲੇ ਸਿਆਸੀ ਇਸ਼ਤਿਹਾਰਾਂ, ਬਲਕ ਐਸਐਮਐਸ, ਵੁਆਇਸ ਮੈਸੇਜ, ਇੰਟਰਨੈਟ, ਟੀ.ਵੀ ਚੈਨਲ, ਕੇਬਲ ਟੀ.ਵੀ, ਜਨਤਕ ਸਥਾਨਾਂ 'ਤੇ ਸਿਆਸੀ ਇਸ਼ਤਿਹਾਰਾਂ ਦੇ ਆਡੀਓ ਵੀਡੀਓ ਡਿਸਪਲੇਅ, ਇੰਟਰਨੈਟ ਤੇ ਸੋਸ਼ਲ ਮੀਡੀਆ ਵੈਬਸਾਈਟਾਂ, ਰੇਡੀਓ, ਸਿਨੇਮਾ ਹਾਲ 'ਚ ਪ੍ਰਦਰਸ਼ਿਤ ਹੋਣ ਵਾਲੇ ਚੋਣ ਕੰਟੈਂਟ ਦੀ ਪ੍ਰੀ ਸਰਟੀਫਿਕੇਸ਼ਨ ਕਰਵਾਉਣੀ ਲਾਜ਼ਮੀ ਹੈ।

ਇਸ ਮੌਕੇ ਸਹਾਇਕ ਕਮਿਸ਼ਨਰ ਜਸਪਿੰਦਰ ਸਿੰਘ, ਸਹਾਇਕ ਕਮਿਸ਼ਨਰ ਅੰਡਰ ਟਰੇਨਿੰਗ ਡਾ. ਅਦਿੱਤਯ ਅਤੇ ਜਨਰਲ ਅਬਜ਼ਰਵਰ ਦੇ ਤਾਲਮੇਲ ਅਧਿਕਾਰੀ ਸਤਵਿੰਦਰ ਸਿੰਘ ਢਿੱਲੋਂ ਵੀ ਹਾਜ਼ਰ ਸਨ।

# ਮੁੱਖ ਮੰਤਰੀ ਭਗਵੰਤ ਮਾਨ ਨੇ ਗੁਰਦਾਸਪੁਰ ਤੋਂ 'ਆਪ' ਉਮੀਦਵਾਰ ਸ਼ੈਰੀ ਕਲਸੀ ਲਈ ਕੀਤਾ ਚੋਣ ਪ੍ਰਚਾਰ, ਕਾਦੀਆਂ 'ਚ ਕੀਤੀ ਵਿਸ਼ਾਲ ਜਨਸਭਾ

**ਕਾਦੀਆਂ ਸਾਂਝੀ ਸੋਚ ਬਿਊਰੋ**

ਮੁੱਖ ਮੰਤਰੀ ਭਗਵੰਤ ਮਾਨ ਨੇ ਵੀਰਵਾਰ ਨੂੰ ਗੁਰਦਾਸਪੁਰ ਤੋਂ ਆਮ ਆਦਮੀ ਪਾਰਟੀ (ਆਪ) ਦੇ ਉਮੀਦਵਾਰ ਸ਼ੈਰੀ ਕਲਸੀ ਲਈ ਚੋਣ ਪ੍ਰਚਾਰ ਕੀਤਾ। ਭਗਵੰਤ ਮਾਨ ਨੇ ਇੱਥੇ ਪ੍ਰਤਾਪ ਬਾਜਵਾ ਦੇ ਵਿਧਾਨ ਸਭਾ ਹਲਕਾ ਕਾਦੀਆਂ ਵਿੱਚ ਇੱਕ ਵਿਸ਼ਾਲ ਜਨ ਸਭਾ ਨੂੰ ਸੰਬੋਧਨ ਕਰਦਿਆਂ ਲੋਕਾਂ ਨੂੰ ਆਮ ਆਦਮੀ ਪਾਰਟੀ ਨੂੰ ਭਾਰੀ ਵੋਟਾਂ ਨਾਲ ਜਿਤਾਉਣ ਦੀ ਅਪੀਲ ਕੀਤੀ।

ਲੋਕਾਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਗੁਰਦਾਸਪੁਰ ਦੇ ਪਿਛਲੇ ਸੰਸਦ ਮੈਂਬਰਾਂ 'ਤੇ ਜਨਤਾ ਨਾਲ ਧੋਖਾ ਕਰਨ ਦਾ ਦੋਸ਼ ਲਾਉਂਦਿਆਂ ਕਿਹਾ ਕਿ ਗੁਰਦਾਸਪੁਰ ਲੋਕ ਸਭਾ ਦੇ ਹੁਣ ਤੱਕ ਕਿਸੇ ਵੀ ਸੰਸਦ ਮੈਂਬਰ ਨੇ ਇੱਥੋਂ ਦੇ ਲੋਕਾਂ ਲਈ ਕੋਈ ਵੀ ਕੰਮ ਨਹੀਂ ਕੀਤਾ। ਹਰ ਕਿਸੇ ਨੇ ਸਿਰਫ਼ ਆਪਣਾ ਅਤੇ ਆਪਣੇ ਪਰਿਵਾਰ ਦਾ ਹੀ ਵਿਕਾਸ ਕੀਤਾ ਹੈ।

ਭਗਵੰਤ ਮਾਨ ਨੇ ਕਿਹਾ ਕਿ ਇਸ ਵਾਰ ਤੁਹਾਡੇ ਕੋਲ ਆਪਣੀ ਪਿਛਲੀ ਗ਼ਲਤੀ ਨੂੰ ਸੁਧਾਰਨ ਦਾ ਮੌਕਾ ਹੈ। ਸ਼ੈਰੀ ਕਲਸੀ ਤੁਹਾਡੇ ਘਰ ਦਾ ਮੁੰਡਾ ਹੈ। ਉਹ ਇਸ ਇਲਾਕੇ ਦੇ ਲੋਕਾਂ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਚੰਗੀ ਤਰ੍ਹਾਂ ਜਾਣਦਾ ਹੈ। ਉਸ ਨੂੰ ਜਿਤਾਓ, ਐਮਪੀ ਬਣਨ ਤੋਂ ਬਾਅਦ ਤੁਸੀਂ ਉਸ ਦੇ ਘਰ ਜਾ ਕੇ ਆਪਣਾ ਕੰਮ ਕਰਵਾ ਸਕਦੇ ਹੋ। ਜੇਕਰ ਤੁਸੀ ਦੂਸਰੇ ਉਮੀਦਵਾਰਾਂ ਨੂੰ ਜਿਤਾਉਗੇ ਤਾਂ ਉਹ ਤੁਹਾਨੂੰ ਜਿੱਤਣ ਤੋਂ ਬਾਅਦ ਇੱਥੇ ਨਜ਼ਰ ਵੀ ਨਹੀਂ ਆਉਣਗੇ।

ਭਗਵੰਤ ਮਾਨ ਨੇ ਕਾਂਗਰਸੀ ਆਗੂ ਤੇ ਵਿਧਾਨ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੂੰ ਆੜੇ ਹੱਥੀ ਲੈਂਦਿਆਂ ਕਿਹਾ ਕਿ ਕਾਂਗਰਸ ਪਾਰਟੀ ਨੇ ਬਾਜਵਾ ਦੇ ਮੁੱਖ ਮੰਤਰੀ ਬਣਨ ਦੇ ਸੁਪਨੇ ਦੀ ਭਰੂਣ ਹੱਤਿਆ ਕਰ ਦਿੱਤੀ ਹੈ ਅਤੇ ਉਹ ਇਸ ਦਾ ਦੋਸ਼ ਸਾਡੇ 'ਤੇ ਲਗਾਉਂਦੇ ਹਨ। ਉਹ (ਬਾਜਵਾ) ਸਾਡੇ ਵਿਧਾਇਕਾਂ ਨੂੰ ਮੋਬਾਈਲ ਮੁਰੰਮਤ ਕਰਨ ਵਾਲੇ ਅਤੇ ਮੈਟੀਰੀਅਲ ਬੋਲਦੇ ਹਨ। ਮਾਨ ਨੇ ਕਿਹਾ ਕਿ ਬਾਜਵਾ ਦਾ ਕਹਿਣਾ ਹੈ ਕਿ ਆਮ ਆਦਮੀ ਪਾਰਟੀ ਦੇ 32 ਵਿਧਾਇਕ ਉਨ੍ਹਾਂ ਦੇ ਸੰਪਰਕ 'ਚ ਹਨ। ਜਦਕਿ ਉਨ੍ਹਾਂ ਦਾ ਅਸਲੀ ਭਰਾ ਵੀ ਉਨ੍ਹਾਂ ਦੇ ਸੰਪਰਕ ਵਿੱਚ ਨਹੀਂ ਹੈ। ਉਨ੍ਹਾਂ ਕਿਹਾ ਕਿ ਬਾਜਵਾ ਦਾ ਘਰ ਪੰਜਾਬ ਦਾ ਇਕਲੌਤਾ ਘਰ ਹੈ ਜਿਸ 'ਤੇ ਭਾਜਪਾ ਅਤੇ ਕਾਂਗਰਸ ਦੋਵਾਂ ਦੇ ਝੰਡੇ ਹਨ। ਦੋਵਾਂ ਦੇ ਵਿਚਕਾਰ ਸਿਰਫ ਕੁਝ ਪੌੜੀਆਂ ਦੀ ਹੀ ਦੂਰੀ ਹੈ।




ਭਗਵੰਤ ਮਾਨ ਨੇ ਸੁਖਬੀਰ ਬਾਦਲ 'ਤੇ ਵੀ ਹਮਲਾ ਬੋਲਦਿਆਂ ਕਿਹਾ ਕਿ ਉਹ (ਸੁਖਬੀਰ ਬਾਦਲ) ਏ.ਸੀ. ਵਿਚ ਰਹਿਣ ਵਾਲੇ ਇਨਸਾਨ ਹਨ। ਉਹ ਤਾਪਮਾਨ ਪੁੱਛ ਕੇ ਬਾਹਰ ਆਉਂਦੇ ਹਨ। ਜਦੋਂ ਬਾਹਰ ਦਾ ਤਾਪਮਾਨ 30-32º ਹੁੰਦਾ ਹੈ ਤਾਂ ਉਹ ਦੋ ਘੰਟੇ ਲਈ ਆਪਣੀ ਪੰਜਾਬ ਬਚਾਓ ਯਾਤਰਾ ਪੰਜਾਬ ਬਚਾਉਣ ਲਈ ਕੱਢਦੇ ਹਨ। ਅਜਿਹੇ ਲੋਕ ਆਮ ਲੋਕਾਂ ਦੇ ਦੁੱਖ ਦਰਦ ਨੂੰ ਕਿਵੇਂ ਸਮਝਣਗੇ?

ਉਨ੍ਹਾਂ ਕਿਹਾ ਕਿ ਅਸਲ ਵਿੱਚ ਪ੍ਰਤਾਪ ਬਾਜਵਾ ਅਤੇ ਸੁਖਬੀਰ ਬਾਦਲ ਦਾ ਵਤੀਰਾ ਰਾਜੇ-ਰਜਵਾੜੇ ਵਰਗਾ ਹੈ। ਇਹ ਦੋਵੇਂ ਆਮ ਲੋਕਾਂ ਨੂੰ ਕੁਝ ਵੀ ਨਹੀਂ ਸਮਝਦੇ । ਬਾਜਵਾ ਆਮ ਲੋਕਾਂ ਨੂੰ ਮੈਟੀਰੀਅਲ ਅਤੇ ਸੁਖਬੀਰ ਬਾਦਲ ਮਲੰਗ ਕਹਿੰਦੇ ਹਨ। ਪਰ ਉਹ ਇਹ ਨਹੀਂ ਜਾਣਦੇ ਕਿ ਇਹ ਲੋਕਤੰਤਰ ਹੈ। ਜਨਤਾ ਵੱਡੇ ਤੋਂ ਵੱਡੇ ਰਾਜਿਆਂ ਨੂੰ ਵੀ ਉਨ੍ਹਾਂ ਦੇ ਤਖ਼ਤਾਂ ਤੋਂ ਹੇਠਾਂ ਲੈ ਆਉਂਦੀ ਹੈ।

ਭਗਵੰਤ ਮਾਨ ਨੇ ਪੰਜਾਬ ਦੇ ਕਿਸਾਨਾਂ ਅਤੇ ਖੇਤੀ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਕਿਹਾ ਕਿ ਪੰਜਾਬ ਦੇ ਕਿਸਾਨਾਂ ਦਾ ਵਿਕਾਸ ਸਾਡੀ ਪਹਿਲੀ ਤਰਜੀਹ ਹੈ। ਮੁੱਖ ਮੰਤਰੀ ਬਣਨ ਤੋਂ ਬਾਅਦ ਮੈਂ ਅਧਿਕਾਰੀਆਂ ਦੀ ਮੀਟਿੰਗ ਬੁਲਾਈ ਅਤੇ ਕਿਹਾ ਕਿ ਕਿਸਾਨਾਂ ਨੂੰ ਦਿਨ ਦੇ ਸਮੇਂ ਬਿਨਾਂ ਕਿਸੇ ਕੱਟ ਤੋਂ ਲਗਾਤਾਰ ਬਿਜਲੀ ਸਪਲਾਈ ਦਿੱਤੀ ਜਾਵੇ, ਤਾਂ ਜੋ ਉਨ੍ਹਾਂ ਦਾ ਸਮਾਂ ਅਤੇ ਊਰਜਾ ਬਰਬਾਦ ਨਾ ਹੋਵੇ।

ਮਾਨ ਨੇ ਪੰਜਾਬ ਦੇ ਕਿਸਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਇਕ ਬੇਨਤੀ 'ਤੇ 33 ਫ਼ੀਸਦੀ ਕਿਸਾਨਾਂ ਨੇ ਪੂਸਾ-44 ਜਿਸ ਨੂੰ ਤਿਆਰ ਹੋਣ ਵਿਚ 150 ਦਿਨ ਤੋਂ ਵੱਧ ਸਮਾਂ ਲੱਗਦਾ ਹੈ, ਦੀ ਬਜਾਏ ਪੀ.ਆਰ.-126, ਪੀ.ਆਰ.-127, ਪੀ.ਆਰ.-128 ਆਦਿ ਦੀ ਖੇਤੀ ਕੀਤੀ, ਜਿਸ ਨਾਲ 477 ਕਰੋੜ ਰੁਪਏ ਦੀ ਬਿਜਲੀ ਅਤੇ 5 ਬਿਲੀਅਨ ਕਿਊਸਿਕ ਪਾਣੀ ਦੀ ਬੱਚਤ ਹੋਈ।

ਉਨ੍ਹਾਂ ਕਿਹਾ ਕਿ ਇਸ ਵਾਰ ਵੀ ਕਿਸਾਨਾਂ ਨੂੰ ਝੋਨੇ ਦੀ ਫ਼ਸਲ ਲਈ ਦਿਨ ਦੇ ਸਮੇਂ ਬਿਨਾਂ ਕੱਟਾਂ ਦੇ ਲਗਾਤਾਰ ਬਿਜਲੀ ਮਿਲੇਗੀ ਕਿਉਂਕਿ ਹੁਣ ਪੰਜਾਬ ਵਿੱਚ ਬਿਜਲੀ ਦੀ ਕੋਈ ਕਮੀ ਨਹੀਂ ਹੈ। ਹੁਣ ਪੰਜਾਬ ਦੂਜੇ ਸੂਬਿਆਂ ਨੂੰ ਬਿਜਲੀ ਵੇਚਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਬਿਜਲੀ ਦੀ ਸਮੱਸਿਆ ਨੂੰ ਹੱਲ ਕਰਨ ਲਈ ਅਸੀਂ ਇੱਕ ਪ੍ਰਾਈਵੇਟ ਥਰਮਲ ਪਾਵਰ ਪਲਾਂਟ ਖ਼ਰੀਦਿਆ ਅਤੇ ਝਾਰਖੰਡ ਵਿੱਚ ਆਪਣੀ ਕੋਲੇ ਦੀ ਖਾਣ ਨੂੰ ਮੁੜ ਚਾਲੂ ਕੀਤਾ ਹੈ।

ਉਨ੍ਹਾਂ ਕਿਹਾ ਕਿ ਅਜਿਹਾ ਇਸ ਲਈ ਸੰਭਵ ਹੋਇਆ ਕਿਉਂਕਿ ਸਾਡੇ ਇਰਾਦੇ ਸਾਫ਼ ਹਨ। ਮੈਂ ਪੈਸਾ ਕਮਾਉਣ ਲਈ ਰਾਜਨੀਤੀ ਵਿੱਚ ਨਹੀਂ ਆਇਆ। ਮੈਂ ਬੱਸਾਂ 'ਚ, ਕਾਰੋਬਾਰਾਂ ਅਤੇ ਹੋਟਲਾਂ ਵਿੱਚ ਹਿੱਸਾ ਪਾਉਣ ਨਹੀਂ ਆਇਆ । ਮੈਂ ਤਿੰਨ ਕਰੋੜ ਪੰਜਾਬੀਆਂ ਦੇ ਦੁੱਖ-ਦਰਦ ਵਿੱਚ ਹਿੱਸਾ ਪਾਉਣ ਲਈ ਆਇਆ ਹਾਂ।

ਇਸ ਮੌਕੇ ਲੋਕਾਂ ਨੂੰ ਸੰਬੋਧਨ ਕਰਦਿਆਂ 'ਆਪ' ਉਮੀਦਵਾਰ ਸ਼ੈਰੀ ਕਲਸੀ ਨੇ ਕਿਹਾ ਕਿ ਅਸੀਂ ਜਾਤ-ਪਾਤ ਅਤੇ ਧਰਮ ਦੇ ਨਾਂ 'ਤੇ ਵੋਟਾਂ ਨਹੀਂ ਮੰਗ ਰਹੇ, ਅਸੀਂ ਆਪਣੀ ਸਰਕਾਰ ਦੇ ਪਿਛਲੇ ਦੋ ਸਾਲਾਂ ਵਿੱਚ ਕੀਤੇ ਕੰਮਾਂ ਦੇ ਨਾਂ 'ਤੇ ਵੋਟਾਂ ਮੰਗ ਰਹੇ ਹਾਂ। ਲੋਕ ਆਪ ਸਰਕਾਰ ਦੇ ਕੰਮਾਂ ਤੋਂ ਬਹੁਤ ਪ੍ਰਭਾਵਿਤ ਹਨ। ਮੈਂ ਜਿੱਥੇ ਵੀ ਪ੍ਰਚਾਰ ਕਰਨ ਜਾਂਦਾ ਹਾਂ, ਲੋਕ ਆਪ ਹੀ ਕਹਿੰਦੇ ਹਨ ਕਿ ਜੋ ਕੰਮ 75 ਸਾਲਾਂ ਵਿੱਚ ਨਹੀਂ ਹੋਏ, ਉਹ ਕੰਮ ਸਰਕਾਰ ਨੇ ਸਿਰਫ਼ ਦੋ ਸਾਲਾਂ ਵਿੱਚ ਹੀ ਕਰ ਦਿੱਤੇ ਹਨ।

# ਬੀਕੇਯੂ ਉਗਰਾਹਾਂ ਵੱਲੋਂ ਬੀਜੇਪੀ ਦੇ ਉਮੀਦਵਾਰਾਂ ਦਾ ਵਿਰੋਧ ਜਾਰੀ ਰੱਖਣ ਦਾ ਐਲਾਨ

**ਭਵਾਨੀਗੜ੍ਹ ਸਾਂਝੀ ਸੋਚ ਬਿਊਰੋ**

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਬਲਾਕ ਭਵਾਨੀਗੜ੍ਹ ਦੀ ਮੀਟਿੰਗ ਬਲਾਕ ਪ੍ਰਧਾਨ ਅਜੈਬ ਸਿੰਘ ਲੱਖੇਵਾਲ ਦੀ ਅਗਵਾਈ ਹੇਠ ਗੁਰੂ ਘਰ ਨੌਵੇਂ ਪਾਤਸ਼ਾਹ ਪਿੰਡ ਫੱਗੂਵਾਲਾ ਵਿਖੇ ਹੋਈ। ਇਸ ਮੀਟਿੰਗ ਵਿੱਚ ਬਲਾਕ ਦੇ ਪਿੰਡਾਂ ਦੇ ਫੰਡਾਂ ਬਾਰੇ ਅਤੇ ਜਥੇਬੰਦੀ ਦੇ ਆਉਣ ਵਾਲੇ ਪ੍ਰੋਗਰਾਮਾਂ ਵਾਰੇ ਹੋਈ। ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਸਕੱਤਰ ਜਗਤਾਰ ਸਿੰਘ ਕਾਲਾਝਾੜ, ਬਲਾਕ ਸੀਨੀਅਰ ਮੀਤ ਪ੍ਰਧਾਨ ਮਨਜੀਤ ਸਿੰਘ ਘਰਾਚੋਂ ਅਤੇ ਮੀਤ ਪ੍ਰਧਾਨ ਹਰਜੀਤ ਸਿੰਘ ਮਹਿਲਾ ਨੇ ਸੰਬੋਧਨ ਕਰਦਿਆ ਕਿਹਾ ਕਿ ਜੋ ਬੀਜੇਪੀ ਦੇ ਲੀਡਰਾਂ ਦਾ ਪਿੰਡਾਂ ਵਿੱਚ ਵਿਰੋਧ ਕੀਤਾ ਜਾ ਰਿਹਾ ਹੈ, ਉਹ ਵੀ ਲਗਾਤਾਰ ਜਾਰੀ ਰਹੇਗਾ। ਉਨ੍ਹਾਂ ਕਿਹਾ ਕਿ ਜਿਹੜੇ ਪਿੰਡਾਂ ਨੇ ਫੰਡ ਇਕੱਠਾ ਕਰ ਲਿਆ ਉਹ ਆਪਣੀਆਂ ਪਿਛਲੇ ਖਰਚਿਆਂ ਦੀ ਲਿਸਟ ਬਲਾਕ ਟੀਮ ਕੋਲ ਜਮਾਂ ਕਰਵਾਉਣ। ਜਿਹੜੇ ਪਿੰਡ ਫੰਡ ਇਕੱਠਾ ਕਰਨ ਤੋਂ ਰਹਿੰਦੇ ਹਨ, ਉਹ ਫੰਡ ਜਲਦੀ ਇਕੱਠਾ ਕਰਨ। ਆਗੂਆਂ ਨੇ ਕਿਹਾ ਜੋ ਕੱਲ ਨੂੰ ਬਰਨਾਲੇ ਔਰਤਾਂ ਦੀ ਮੀਟਿੰਗ ਹੋ ਰਹੀ ਹੈ, ਉਸ ਵਿੱਚ ਜ਼ਰੂਰ ਸ਼ਾਮਲ ਹੋਣ ਅਤੇ 26 ਮਈ ਨੂੰ ਬਰਨਾਲੇ ਲੋਕ ਸੰਗਰਾਮ ਰੈਲੀ ਕੀਤੀ ਜਾਣੀ ਹੈ। ਉਸ ਵਿੱਚ ਵੀ ਵੱਡੀ ਗਿਣਤੀ ਲੋਕ ਲੈਕੇ ਜਾਣੇ ਹਨ ਅਤੇ ਜਗਤਾਰ ਸਿੰਘ ਕਾਲਾਝਾੜ ਨੇ ਕਿਹਾ ਕਿ ਜੋ 2020-21 ਦੇ ਵਿੱਚ ਕਈ ਪਿੰਡਾਂ ਦੀ ਫਸਲ ਗੜੇਮਾਰੀ ਕਾਰਣ ਨੁਕਸਾਨੀ ਗਈ ਸੀ, ਉਸ ਦਾ ਮੁਆਵਜ਼ਾਂ ਵੀ ਜਥੇਬੰਦੀ ਨੇ ਲੋਕਾਂ ਦੀ ਤਾਕਤ ਨਾਲ ਚੋਣ ਜ਼ਾਬਤੇ ਦੌਰਾਨ ਕਿਸਾਨਾਂ ਦੇ ਖਾਤਿਆਂ ਵਿੱਚ ਪਵਾ ਦਿੱਤੇ। ਬਰਨਾਲੇ ਵਾਲੀ ਰੈਲੀ ਵਿੱਚ ਸਾਰੇ ਲੋਕਾਂ ਨੂੰ ਜੋ ਵਿਦਿਆਰਥੀ ਮਜ਼ਦੂਰ ਮੁਲਾਜਮ ਅਤੇ ਠੇਕਾ ਕਾਮਿਆਂ ਸਮੇਤ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ।



ਇਸ ਮੌਕੇ ਬਲਾਕ ਆਗੂ ਹਰਜਿੰਦਰ ਸਿੰਘ ਘਰਾਚੋਂ, ਜਸਵੀਰ ਸਿੰਘ ਗੱਗੜਪੁਰ, ਬਲਵਿੰਦਰ ਸਿੰਘ ਘਨੌੜ, ਅਮਨਦੀਪ ਸਿੰਘ ਮਹਿਲਾ, ਕਰਮ ਚੰਦ ਪੰਨਵਾਂ, ਗੁਰਦੇਵ ਸਿੰਘ ਆਲੋਅਰਖ, ਕਸਮੀਰ ਸਿੰਘ ਆਲੋਅਰਖ ਸਮੇਤ ਸਾਰੀਆਂ ਪਿੰਡ ਇਕਾਈਆ ਦੇ ਪ੍ਰਧਾਨ ਸਕੱਤਰ ਸ਼ਾਮਲ ਹੋਏ।


VOTE & SUPPORT
ਸ਼੍ਰੋਮਣੀ ਅਕਾਲੀ ਦਲ
ਸ਼੍ਰੋਮਣੀ ਅਕਾਲੀ ਦਲ
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ਼੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ਼੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ਼੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
PARWINDER PAL SINGH RATHAUR


# ਲੋਕ ਸਭਾ ਚੋਣਾਂ ਮੌਕੇ ਉਮੀਦਵਾਰਾਂ ਨੂੰ ਸਵਾਲ ਕਰਨ ਵਾਲੇ ਕਿਸਾਨ ਆਗੂਆਂ ਨੂੰ ਜੇਲ੍ਹਾਂ ਵਿੱਚ ਡੱਕਣ ਤੋਂ ਬਾਜ਼ ਆਵੇ: ਇਨਕਲਾਬੀ ਕੇਂਦਰ ਪੰਜਾਬ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਨ ਸੀ ਨੇ ਕਿਸਾਨ ਜਥੇਬੰਦੀਆਂ ਨੂੰ 1 ਜੂਨ ਨੂੰ ਹੋਣ ਵਾਲੀਆਂ ਲੋਕ ਸਭਾ ਚੋਣਾਂ ਲਈ ਚੋਣ ਪ੍ਰਚਾਰ ਵਿੱਚ ਵਿਘਨ ਪਾਉਣ ਤੋਂ ਗੁਰੇਜ ਕਰਨ ਵਾਲੇ ਬਿਆਨ ਦੀ ਦੇਰ ਹੀ ਸੀ ਕਿ ਪੁਲਿਸ ਨੇ ਆਪਣੇ ਰੰਗ ਵਿਖਾਉਂਦਿਆਂ ਭਾਕਿਯੂ ਏਕਤਾ-ਡਕੌਂਦਾ ਦੇ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਨੂੰ ਇੱਕ 8 ਸਾਲ ਪੁਰਾਣੇ ਪੁਲਿਸ ਕੇਸ ਵਿੱਚ ਗ੍ਰਿਫ਼ਤਾਰ ਕਰਕੇ ਜੇਲ੍ਹ ਵਿੱਚ ਭੇਜ ਦਿੱਤਾ ਹੈ।

ਇਨਕਲਾਬੀ ਕੇਂਦਰ, ਪੰਜਾਬ ਦੇ ਆਗੂਆਂ ਨਰਾਇਣ ਦੱਤ, ਕੰਵਲਜੀਤ ਖੰਨਾ, ਮੁਖਤਿਆਰ ਸਿੰਘ ਪੂਹਲਾ ਅਤੇ ਜਗਜੀਤ ਸਿੰਘ ਲਹਿਰਾ ਨੇ ਭਾਜਪਾ ਅਤੇ ਆਮ ਆਦਮੀ ਪਾਰਟੀ ਦੇ ਇਸ ਘਿਨਾਉਣੇ ਲੋਕ ਵਿਰੋਧੀ ਕਦਮ ਬਾਰੇ ਕਿਹਾ ਕਿ ਵੱਖ ਵੱਖ ਪਾਰਟੀਆਂ ਵੱਲੋਂ ਚੋਣਾਂ ਸਮੇਂ ਵਾਅਦੇ ਪੂਰੇ ਨਾਂ ਕਰਨ ਤੇ ਐਸਕੇਐਮ ਵੱਲੋਂ ਤਹਿ ਕੀਤੇ ਦਿਸ਼ਾ ਨਿਰਦੇਸ਼ਾਂ ਤਹਿਤ ਲੋਕਾਂ ਦੀ ਜ਼ਿੰਦਗੀ ਨਾਲ ਸਰੋਕਾਰ ਰੱਖਦੇ ਸਵਾਲ ਪੁੱਛੇ ਜਾ ਰਹੇ ਹਨ। ਆਗੂਆਂ ਨੇ ਕਿਹਾ ਕਿ ਹੁਣ ਵੋਟਰ ਜਾਗਰੂਕ ਹੋ ਚੁੱਕੇ ਹਨ। ਇਹ ਲੋਕਾਂ ਦੀ ਜਮਾਤੀ ਸੋਝੀ ਲਈ ਉਸਾਰੂ ਅਤੇ ਸ਼ੁਭ ਕਦਮ ਹੈ। ਆਗੂਆਂ ਨੇ ਭਾਜਪਾ ਅਤੇ ਆਮ ਆਦਮੀ ਪਾਰਟੀ ਨੂੰ ਸਵਾਲ ਕੀਤਾ ਕਿ ਜੋ ਸਿਆਸੀ ਪਾਰਟੀਆਂ ਚੋਣਾਂ ਸਮੇ ਭੋਲੇ ਭਾਲੇ ਲੋਕਾਂ ਨਾਲ ਝੂਠੇ ਵਾਅਦੇ ਕਰਕੇ, ਲੋਕਾਂ ਦੀਆਂ ਵੋਟਾਂ ਨਾਲ ਜਿੱਤ ਕੇ ਪਾਰਲੀਮੈਂਟ ਵਿੱਚ ਮੈਂਬਰ ਬਣ ਜਾਂਦੇ ਹਨ। ਅਜਿਹੀ ਧੋਖੇ ਭਰੀ ਖੇਡ ਸਾਰੀਆਂ ਹੀ ਪਾਰਲੀਮਾਨੀ ਪਾਰਟੀਆਂ ਪਿਛਲੇ 77 ਸਾਲ ਤੋਂ ਕਰ ਰਹੀਆਂ ਹਨ।

ਲੋਕਾਂ ਕੋਲ ਤਾਂ ਇਹ ਮਹੀਨਾ ਭਰ ਹੀ ਆਉਂਦੇ ਹਨ, ਸਤਾ ਦੀ ਕੁਰਸੀ ਸੰਭਾਲਣ ਤੋਂ ਬਾਅਦ ਤਾਂ ਇਹ ਕਾਰਪੋਰੇਟ ਘਰਾਣਿਆਂ ਦੀ ਸੇਵਾ ਵਿੱਚ ਲੱਗ ਜਾਂਦੇ ਹਨ। ਮੋਦੀ ਹਕੂਮਤ ਵੱਲੋਂ ਐਮਐਸਪੀ, ਸੀ-2+50% ਮੁਨਾਫ਼ਾ ਜੋੜਕੇ ਫ਼ਸਲਾਂ ਦੇ ਭਾਅ ਮੁਕੱਰਰ ਕਰਨ, ਹਰ ਹਾਲ ਦੋ ਕਰੋੜ ਨੌਕਰੀਆਂ ਦੇਣ, ਕਾਲਾ ਧਨ ਬਾਹਰੋਂ ਲਿਆ ਕੇ ਹਰ ਭਾਰਤੀ ਦੇ ਖਾਤੇ ਵਿੱਚ 15 ਲੱਖ ਜਮ੍ਹਾਂ ਕਰਨ, ਕਿਸਾਨਾਂ-ਮਜ਼ਦੂਰਾਂ ਦਾ ਕਰਜ਼ਾ, ਮਹਿੰਗਾਈ ਨੂੰ ਨੱਥ ਪਾਉਣ, ਗ਼ਰੀਬ -ਅਮੀਰ ਦਾ ਪਾੜਾ ਖ਼ਤਮ ਕਰਨ, ਘੱਟ ਗਿਣਤੀ ਮੁਸਲਿਮ ਭਾਈਚਾਰੇ ਨੂੰ ਨਿਸ਼ਾਨਾ ਬਨਾਉਣ, ਸੰਘਰਸ਼ਸ਼ੀਲ ਤਬਕਿਆਂ ਜਬਰ ਦਾ ਨਿਸ਼ਾਨਾ ਬਨਾਉਣ, ਸੰਘਰਸ਼ ਦੌਰਾਨ ਕਿਸਾਨਾਂ ਸਿਰ ਮੜ੍ਹੇ ਝੂਠੇ ਪੁਲਿਸ ਕੇਸ ਵਾਪਸ ਲੈਣ, ਲਖੀਮਪੁਰ ਖੀਰੀ ਚਾਰ ਕਿਸਾਨਾਂ ਅਤੇ ਇੱਕ ਪੱਤਰਕਾਰ ਦੇ ਕਾਤਲ ਅਜੇ ਮਿਸ਼ਰਾ ਟੈਣੀ ਨੂੰ ਮੰਤਰੀ ਮੰਡਲ ਵਿੱਚੋਂ ਖਾਰਜ ਕਰਨ ਆਦਿ ਬੁਨਿਆਦੀ ਮਸਲਿਆਂ ਸਵਾਲ ਕਰਨਾ ਹਰ ਇਨਸਾਫ਼ ਪਸੰਦ ਜਨਤਕ ਜਥੇਬੰਦੀਆਂ ਦਾ ਜਮਹੂਰੀ ਹੱਕ ਹੈ। ਸਿਆਸੀ ਪਾਰਟੀਆਂ ਵੱਲੋਂ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਨਾ ਕਰਨ ਤੇ ਪਾਰਲੀਮੈਂਟ ਮੈਂਬਰ ਦੀ ਮੈਂਬਰਸ਼ਿਪ ਖ਼ਤਮ ਕਰਨੀ ਚਾਹੀਦੀ ਹੈ। ਆਗੂਆਂ ਨੇ ਕਿਹਾ ਕਿ ਸਿਆਸੀ ਪਾਰਟੀਆਂ ਵੱਲੋਂ ਲੋਕਾਂ ਵਿੱਚ ਚੋਣ ਮਨੋਰਥ ਪੇਸ਼ ਕਰਨ ਦਾ ਜਮਹੂਰੀ ਹੱਕ ਹੈ ਤਾਂ ਲੋਕਾਂ ਦਾ ਵੀ ਸੁਆਲ ਕਰਨਾ ਜਮਹੂਰੀ ਹੱਕ ਹੈ। ਫਿਰੋਜ਼ਪੁਰ ਜ਼ਿਲ੍ਹੇ ਵਿੱਚ ਭਾਜਪਾ ਦੇ ਉਮੀਦਵਾਰ ਰਾਣਾ ਗੁਰਮੀਤ ਸੋਢੀ ਵੱਲੋਂ ਪ੍ਰਚਾਰ ਕਰਨ ਮੌਕੇ ਭਾਕਿਯੂ ਏਕਤਾ ਡਕੌਂਦਾ ਦੇ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਦੀ ਅਗਵਾਈ ਹੇਠ ਤਿੰਨ ਥਾਵਾਂ 'ਤੇ ਸਵਾਲ ਕਰਨ ਲਈ ਕਿਸਾਨ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਸਨ। ਸਾਰੇ ਹੀ ਆਗੂਆਂ ਨੂੰ ਪੁਲਿਸ ਨੇ ਗ੍ਰਿਫ਼ਤਾਰ ਕਰਕੇ ਪੁੱਜਕੇ ਦੇਰ ਰਾਤ ਤੱਕ ਹੈਰਾਨ ਕੀਤਾ। ਹਰਨੇਕ ਸਿੰਘ ਮਹਿਮਾ ਨੂੰ 8 ਸਾਲ ਪੁਰਾਣੇ ਕੇਸ ਵਿੱਚ ਫੜ੍ਹਕੇ ਜੇਲ੍ਹ ਵਿੱਚ ਬੰਦ ਕਰ ਦਿੱਤਾ ਹੈ। ਜਦਕਿ ਹਰਨੇਕ ਸਿੰਘ ਮਹਿਮਾ ਲਗਾਤਾਰ ਕਿਸਾਨ ਸੰਘਰਸ਼ਾਂ ਦੀ ਅਗਵਾਈ ਕਰ ਰਿਹਾ ਹੈ। ਇਸ ਸਮੇਂ ਗ੍ਰਿਫ਼ਤਾਰ ਕਰਨਾ ਸੰਘਰਸ਼ ਕਰ ਰਹੀਆਂ ਜਨਤਕ ਜਮਹੂਰੀ ਜਥੇਬੰਦੀਆਂ ਨੂੰ ਦਹਿਸ਼ਤਜ਼ਦਾ ਕਰਨ ਅਤੇ ਲੋਕ ਮਸਲੇ ਉਭਾਰਨ ਤੋਂ ਰੋਕਣ ਦੀ ਸਾਜ਼ਿਸ਼ ਹੈ, ਪਰ ਹਾਕਮਾਂ ਨੂੰ ਕੰਧ ਤੇ ਲਿਖਿਆ ਲੋਕਾਂ ਦਾ ਇਤਿਹਾਸ ਪੜ੍ਹ ਲੈਣਾ ਚਾਹੀਦਾ ਹੈ ਕਿ ਆਗੂਆਂ ਨੂੰ ਜੇਲ੍ਹਾਂ ਵਿੱਚ ਡੱਕਣ ਨਾਲ ਸੰਘਰਸ਼ਾਂ ਨੂੰ ਦਬਾਇਆ ਨਹੀਂ ਜਾ ਸਕਦਾ ਸਗੋਂ ਇਹ ਜਬਰ ਸੰਘਰਸ਼ਾਂ ਦੀ ਖੁਰਾਕ ਬਣ ਜਾਇਆ ਕਰਦਾ ਹੈ। ਇਨਕਲਾਬੀ ਕੇਂਦਰ ਪੰਜਾਬ ਦੇ ਆਗੂਆਂ ਨੇ ਮਿਹਨਤਕਸ਼ ਲੋਕਾਈ ਨੂੰ ਕਿਹਾ ਕਿ ਉਹ ਪੂਰੇ ਧੜੱਲੇ ਨਾਲ ਲੋਕ ਸਭਾ ਚੋਣਾਂ ਦੇ ਉਮੀਦਵਾਰਾਂ ਤੋਂ ਸਵਾਲ ਕਰਨ, ਜਵਾਬ ਦੇਹ ਬਨਾਉਣ, ਪਰਦਾਚਾਕ ਕਰਨ ਤੋਂ ਅੱਗੇ ਚੋਣਾਂ ਦੀ ਧੋਖੇ ਭਰੀ ਖੇਡ ਤੋਂ ਝਾਕ ਛੱਡਦਿਆਂ ਸੰਘਰਸ਼ਾਂ ਦਾ ਸੂਹਾ ਪਰਚਮ ਬੁਲੰਦ ਰੱਖਣ ਲਈ ਅੱਗੇ ਆਉਣ। ਪੁਲਿਸ ਪ੍ਰਸ਼ਾਸਨ ਦੇ ਜ਼ਬਰ ਦਾ ਟਾਕਰਾ ਕਰਨ ਲਈ 17 ਮਈ ਨੂੰ ਐਸ ਐਸ ਪੀ ਫਿਰੋਜ਼ਪੁਰ ਦੇ ਦਫ਼ਤਰ ਅੱਗੇ ਦਿੱਤੇ ਜਾ ਰਹੇ ਧਰਨੇ ਦੀ ਹਮਾਇਤ ਕਰਨ ਦਾ ਐਲਾਨ ਕੀਤਾ।





# ਸੰਧੂ ਸਮੁੰਦਰੀ ਨੇ ਜਦੋਂ ਆਪਣੇ ਰੁਝੇਵਿਆਂ 'ਚੋਂ ਸਮਾਂ ਕੱਢ ਕੇ ਆਪਣੇ ਵਰਕਰ ਦੀਆਂ ਖ਼ੁਸ਼ੀਆਂ ਨੂੰ ਦੂਣ ਸਵਾਏ ਕੀਤਾ



ਅੰਮ੍ਰਿਤਸਰ
ਰਵੀ ਕੁਮਾਰ

ਲੋਕ ਸਭਾ ਚੋਣਾਂ ਦਾ ਮਾਹੌਲ ਇਸ ਸਮੇਂ ਸਿਖ਼ਰਾਂ ਵਲ ਜਾ ਰਿਹਾ ਹੈ। ਤੇ ਚੋਣ ਲੜ ਰਹੇ ਉਮੀਦਵਾਰਾਂ ਦੇ ਕੋਲ ਸਮੇਂ ਦੀ ਬਹੁਤ ਘਾਟ ਹੈ। ਇਨ੍ਹਾਂ ਅਤਿ ਰੁਝੇਵਿਆਂ ਭਰੀਆਂ ਸਰਗਰਮੀਆਂ ਵਿਚੋਂ ਜਦੋਂ ਕੋਈ ਲੀਡਰ ਆਪਣੇ ਚਹੇਤਿਆਂ ਦੀ ਖ਼ੁਸ਼ੀ ਵਿਚ ਸ਼ਾਮਿਲ ਹੁੰਦਾ ਹੈ ਤਾਂ ਉਸ ਦਾ ਇਕ ਆਪਣਾ ਹੀ ਪ੍ਰਭਾਵ ਪੈਦਾ ਹੈ। ਤਰਨਜੀਤ ਸਿੰਘ ਸੰਧੂ ਸਮੁੰਦਰੀ ਜਦੋਂ ਵਿਧਾਨ ਸਭਾ ਹਲਕਾ ਅਟਾਰੀ ਦੇ ਪਿੰਡ ਛੋਟੀ ਅਟਾਰੀ ਦੇ ਨਵੀਂ ਅਬਾਦੀ 'ਚ ਰਹਿੰਦੇ ਆਪਣੇ ਵਰਕਰ ਦੇ ਘਰ ਉਦੋਂ ਪੁੱਜੇ ਜਦੋਂ ਉਨ੍ਹਾਂ ਦੇ ਘਰ ਖ਼ੁਸ਼ੀਆਂ ਨੇ ਦਸਤਕ ਦਿੱਤੀ ਸੀ। ਦਲਿਤ ਦੰਪਤੀ ਕਬੀਰ ਸਿੰਘ ਦੇ ਦੇ ਘਰ ਬੇਟੇ ਕ੍ਰਿਸ਼ਨਾ ਦਾ ਜਨਮ ਹੋਇਆ ਹੈ। ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੀ ਉਨ੍ਹਾਂ ਦੇ ਘਰ ਅਚਾਨਕ ਹੋਈ ਆਮਦ ਨੇ ਉਨ੍ਹਾਂ ਦੀਆਂ ਖ਼ੁਸ਼ੀਆਂ ਹੋਰ ਵੀ ਦੂਣ ਸਵਾਈਆਂ ਕਰ ਦਿੱਤੀਆਂ। ਸੰਧੂ ਸਮੁੰਦਰੀ ਨੇ ਜਿੱਥੇ ਕ੍ਰਿਸ਼ਨਾ ਨੂੰ ਪਿਆਰ ਨਾਲ ਆਪਣੀ ਗੋਦ ਵਿਚ ਲਿਆ ਅਤੇ ਸਾਰੇ ਪਰਿਵਾਰ ਨੂੰ ਨਵੇਂ ਜੀਅ ਦੇ ਆਉਣ ਦੀਆਂ ਖ਼ੁਸ਼ੀਆਂ ਦੀ ਵਧਾਈ ਦਿੱਤੀ। ਉਨ੍ਹਾਂ ਨੇ ਇਸ ਮੌਕੇ ਇਹ ਵੀ ਕਿਹਾ ਕਿ ਉਹ ਪ੍ਰਮਾਤਮਾ ਅੱਗੇ ਅਰਦਾਸ ਕਰਨਗੇ ਕਿ ਇਹ ਬੱਚਾ ਵੱਡਾ ਹੋਕੇ ਪਰਿਵਾਰ ਅਤੇ ਸਮਾਜ ਦਾ ਨਾਮ ਉੱਚਾ ਕਰੇਗਾ। ਉਨ੍ਹਾਂ ਬੱਚੇ ਨੂੰ ਚੰਗੀ ਤਾਲੀਮ ਦੇਣ ਲਈ ਕਿਹਾ। ਉਨ੍ਹਾਂ ਨੇ ਕਿਹਾ ਕਿ ਭਾਜਪਾ ਕੇਂਦਰ 'ਤੇ ਮੁੜ ਸਰਕਾਰ ਬਣਾਉਣ ਜਾ ਰਹੀ ਹੈ। ਉਹ ਇਸ ਗਲ ਨੂੰ ਯਕੀਨੀ ਬਣਾਉਣਗੇ ਕਿ ਹੇਠਲੇ ਗ਼ਰੀਬ ਅਤੇ ਦਲਿਤ ਤਬਕੇ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਮੋਦੀ ਸਰਕਾਰ ਦੀਆਂ ਸਕੀਮਾਂ ਨੂੰ ਜਾਰੀ ਰੱਖਣਗੇ। ਇਸ ਮੌਕੇ 'ਤੇ ਪਰਿਵਾਰ ਵੱਲੋਂ ਵੀ ਸੰਧੂ ਸਮੁੰਦਰੀ ਦਾ ਲੱਡੂਆਂ ਨਾਲ ਮੂੰਹ ਮਿੱਠਾ ਕਰਾਇਆ ਗਿਆ ਅਤੇ ਉਨ੍ਹਾਂ ਦੀ ਖ਼ੁਸ਼ੀ 'ਚ ਉਚੇਚੇ ਤੌਰ 'ਤੇ ਸ਼ਾਮਿਲ ਹੋਣ ਲਈ ਧੰਨਵਾਦ ਦੇ ਤੌਰ 'ਤੇ ਸਨਮਾਨ ਕੀਤਾ। ਇਸ ਮੌਕੇ ਜ਼ਿਲ੍ਹਾ ਦਿਹਾਤੀ ਪ੍ਰਧਾਨ ਡਾ. ਸੁਸ਼ੀਲ ਦੇਵਗਨ, ਹਲਕਾ ਇੰਚਾਰਜ ਬਲਵਿੰਦਰ ਕੌਰ, ਖਾਨ ਮੁਰਾਦ ਪਾਲ ਸਿੰਘ ਅਤੇ ਜੌਨੀ ਨਵੀਂ ਅਬਾਦੀ ਅਟਾਰੀ ਵੀ ਮੌਜੂਦ ਸਨ।




E-MAIL:SALES@ezeldsolutions.com
EZ ELD SOLUTIONS
LOGBOOKS MADE EASY
TRACK YOUR TRUCK WITH
EZ TRUCK SOLUTION
ਆਪਣੇ ਟਰੱਕ ਵਿਚ ELD DEVICE ਲਗਾਉਣ ਲਈ ਸਾਨੂੰ ਕਾਲ ਕਰੋ
ਅਸੀਂ ਤੁਹਾਡੇ ਨਾਲ ਪੰਜਾਬੀ ਵਿਚ ਗੱਲ-ਬਾਤ ਕਰ ਸਕਦੇ ਹਾਂ
FMCSA Complaint & Affordable
The Power of telematics in the palm of your hand
Compliance | Asset Tracking | Management
$100 HARDWARE
ONE-TIME FEE
PT30
$20 MONTHLY
SUBSCRIPTION
24/7 TECHNICAL SUPPORT IN
ENGLISH,SPANISH AND PUNJABI.
CALL NOW +1 (800) 556-7105
Official Address : 2301 W Belmont ave, Fresno, CA 93727

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ–ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154


SmartWay Express 3545 Date Avenue Fresno, CA 93725
ਈ–ਮੇਲ: newtrucks@smartwayexp.com

ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ


e-Baba Entertainment App ਨੂੰ Download ਕਰੋ।




ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।


VOTE & SUPPORT
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ਼੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ਼੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ਼੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
RAVINDER SINGH BOYAL


web -www.globaltruckpermits.com
email -info@globaltruckpermits.com
ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਕੈਲੇਫੋਰਨੀਆ ਅੰਦਰ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
"ਸਾਡਾ ਇਸ ਕੰਮ ਵਿਚ 18 ਸਾਲ ਦਾ ਤਜਰਬਾ ਹੈ"
ਰਾਜਿੰਦਰ ਟਾਂਡਾ
Cell : (510) 557-6988 | Ph : 209-636-0880
Address: 159 Darcy Pkwy Lathrop CA 95330

# ਦਲਿਤ ਭਾਈਚਾਰੇ ਵਿਰੁੱਧ ਇਤਰਾਜ਼ਯੋਗ ਟਿੱਪਣੀਆਂ ਲਈ ਗੁਰਜੀਤ ਔਜਲਾ ਖ਼ਿਲਾਫ਼ ਮੁਜ਼ਾਹਰਾ ਕਰਦਿਆਂ ਪੁਤਲਾ ਫੂਕਿਆ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ



ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਕਾਂਗਰਸ ਦੇ ਉਮੀਦਵਾਰ ਅਤੇ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਵੱਲੋਂ ਐਸ ਸੀ ਭਾਈਚਾਰੇ ਖ਼ਿਲਾਫ਼ ਇਤਰਾਜ਼ਯੋਗ ਟਿੱਪਣੀਆਂ ਬਾਰੇ ਵਾਇਰਲ ਵੀਡੀਓ ਦਾ ਮਾਮਲਾ ਠੰਢਾ ਨਹੀਂ ਹੋ ਰਿਹਾ ਹੈ। ਐਸ ਸੀ ਭਾਈਚਾਰੇ ਦੇ ਨੌਜਵਾਨਾਂ ਵਿਰੁੱਧ ਉਨ੍ਹਾਂ ਵੱਲੋਂ ਕੀਤੀ ਗਈ ਅਪਮਾਨਜਨਕ ਟਿੱਪਣੀ ਨੂੰ ਲੈ ਕੇ ਭਾਈਚਾਰੇ ਵਿਚ ਨਾਰਾਜ਼ਗੀ ਹਾਲੇ ਵੀ ਬਰਕਰਾਰ ਹੈ। ਸਾਂਸਦ ਗੁਰਜੀਤ ਔਜਲਾ ਖ਼ਿਲਾਫ਼ ਦਲਿਤ ਜਥੇਬੰਦੀਆਂ ਵੱਲੋਂ ਰੋਸ ਵਿਖਾਵਾ ਲਗਾਤਾਰ ਜਾਰੀ ਹੈ। ਇਸ ਮਾਮਲੇ ਨੂੰ ਲੈ ਕੇ ਐਸ ਸੀ ਭਾਈਚਾਰੇ ਨੇ ਭਾਜਪਾ ਐਸੀ ਮੋਰਚਾ ਅਤੇ ਰੰਘਰੇਟਾ ਨਿਹੰਗ ਸਿੰਘ ਜਥੇਬੰਦੀਆਂ ਨਾਲ ਮਿਲ ਕੇ ਕਾਂਗਰਸੀ ਉਮੀਦਵਾਰ ਗੁਰਜੀਤ ਔਜਲਾ ਦੇ ਖਿਲਾਫ ਰੋਸ ਮਾਰਚ ਕੀਤਾ ਗਿਆ। ਪ੍ਰਦਰਸ਼ਨਕਾਰੀਆਂ ਨੇ ਭੰਡਾਰੀ ਰੇਲਵੇ ਓਵਰਬ੍ਰਿਜ ’ਤੇ ਕਾਂਗਰਸ ਦੇ ਸੰਸਦ ਮੈਂਬਰ ਤੇ ਕਾਂਗਰਸ ਉਮੀਦਵਾਰ ਗੁਰਜੀਤ ਔਜਲਾ ਖਿਲਾਫ ਮੁਰਦਾਬਾਦ ਦੀ ਨਾਅਰੇਬਾਜ਼ੀ ਕੀਤੀ ਅਤੇ ਉਸ ਦਾ ਪੁਤਲਾ ਵੀ ਫੂਕਿਆ। ਇਸ ਮੌਕੇ ਐਸ ਸੀ ਭਾਈਚਾਰੇ ਦੇ ਲੋਕ ਕਾਫ਼ੀ ਗ਼ੁੱਸੇ ’ਚ ਨਜ਼ਰ ਆਏ। ਉਨ੍ਹਾਂ ਭਾਈਚਾਰੇ ਨੂੰ ਕਾਂਗਰਸੀ ਉਮੀਦਵਾਰ ਗੁਰਜੀਤ ਔਜਲਾ ਦਾ ਬਾਈਕਾਟ ਕਰਨ ਤਕ ਦਾ ਸਦਾ ਦਿੱਤਾ। ਭਾਈਚਾਰੇ ਦਾ ਕਹਿਣਾ ਹੈ ਕਿ ਜਿਹੜਾ ਬੰਦਾ ਐਸ ਸੀ ਭਾਈਚਾਰੇ ਬਾਰੇ ਨਕਾਰਾਤਮਿਕ ਸੋਚ ਰੱਖਦਾ ਹੈ ਉਹ ਪਾਰਲੀਮੈਂਟ ’ਚ ਸਾਡੀ ਕੀ ਪ੍ਰਤੀਨਿਧਤਾ ਕਰੂ ਅਤੇ ਸਾਡੇ ਹੱਕਾਂ ਦੀ ਪੈਰਵੀ ਕੀ ਕਰੇਗਾ?

ਰੋਸ ਪ੍ਰਦਰਸ਼ਨ ਦੌਰਾਨ ਸਾਬਕਾ ਰਾਜ ਸਭਾ ਮੈਂਬਰ ਤੇ ਸੂਬਾ ਪ੍ਰਧਾਨ ਅਤੇ ਜ਼ਿਲ੍ਹਾ ਤੇ ਲੋਕ ਸਭਾ ਕਨਵੀਨਰ ਸ਼ਵੇਤ ਮਲਿਕ ਨੇ ਦੋਸ਼ ਲਾਇਆ ਕਿ ਕਾਂਗਰਸੀ ਸੰਸਦ ਮੈਂਬਰ ਵੱਲੋਂ ਦਲਿਤ ਭਾਈਚਾਰੇ ਖ਼ਿਲਾਫ਼ ਇਤਰਾਜ਼ਯੋਗ ਟਿੱਪਣੀਆਂ ਕਰਦਿਆਂ ਭਾਈਚਾਰੇ ਦਾ ਅਪਮਾਨ ਕੀਤਾ ਹੈ। ਜੋ ਕਿ ਨਾ ਬਰਦਾਸ਼ਤਯੋਗ ਹਨ ਅਤੇ ਨਿੰਦਣਯੋਗ ਹਨ। ਪ੍ਰਧਾਨ ਮੰਤਰੀ ਮੋਦੀ ਨੇ ਡਾ. ਅੰਬੇਡਕਰ ਸਮਾਜ ਨੂੰ ਗਲੇ ਲਾਇਆ ਹੈ। ਉਨ੍ਹਾਂ ਕਿਹਾ ਕਿ ਇੱਕ ਪਾਸੇ ਸੰਵਿਧਾਨ ਦੇ ਨਿਰਮਾਤਾ ਡਾਕਟਰ ਬੀ ਆਰ ਅੰਬੇਡਕਰ ਨੇ ਇਨ੍ਹਾਂ ਭਾਈਚਾਰਿਆਂ ਨੂੰ ਉੱਪਰ ਚੁੱਕਣ ਲਈ ਯਤਨ ਕੀਤੇ ਹਨ ਪਰ ਦੂਜੇ ਪਾਸੇ ਸਿਆਸਤਦਾਨ ਇਨ੍ਹਾਂ ਦੇ ਖਿਲਾਫ ਇਤਰਾਜ਼ਯੋਗ ਸ਼ਬਦ ਵਰਤ ਰਹੇ ਹਨ।

ਨਿਹੰਗ ਜਥੇਬੰਦੀ ਬਾਬਾ ਨਿਧਾਨ ਸਿੰਘ ਦੇ ਆਗੂ ਪੰਜਾਬ ਸਿੰਘ ਸੁਲਤਾਨਵਿੰਡ ਨੇ ਆਖਿਆ ਕਿ ਮੈਂ ਗੁਰਜੀਤ ਔਜਲਾ ਨੂੰ ਸੂਝਵਾਨ ਲੀਡਰ ਸਮਝਦਾ ਸੀ। ਸਾਡੇ ’ਤੇ ਟਿੱਪਣੀ ਕਰਕੇ ਉਸ ਨੇ ਆਪਣੀ ਸਚਾਈ ਸਭ ਦੇ ਸਾਹਮਣੇ ਲਿਆਂਦੀ ਹੈ। ਉਨ੍ਹਾਂ ਕਿਹਾ ਕਿ ਅਸੀਂ ਉਹ ਭਾਈਚਾਰਾ ਹਾਂ ਜਿਨ੍ਹਾਂ ਨੇ ਦਿਲੀ ਚਾਂਦਨੀ ਚੌਕ ਤੋਂ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦਾ ਪਾਵਨ ਸੀਸ ਚੁੱਕ ਕੇ ਲਿਆਂਦਾ। ਕਿਹਾ ਕਿ ਨਿਹੰਗ ਜਥੇਬੰਦੀ ਇਸ ਕਾਂਗਰਸੀ ਆਗੂ ਨੂੰ ਕਦੇ ਵੀ ਮੁਆਫ਼ ਨਹੀਂ ਕਰੇਗੀ ਅਤੇ ਉਨ੍ਹਾਂ ਐਸ ਸੀ ਸਮਾਜ ਨੂੰ ਕਾਂਗਰਸ ਉਮੀਦਵਾਰ ਦਾ ਬਾਈਕਾਟ ਕਰਨ ਦਾ ਸਦਾ ਦਿੱਤਾ।

ਇਸ ਪੁਤਲਾ ਫ਼ੂਕ ਰੋਸ ਪ੍ਰਦਰਸ਼ਨ ਵਿੱਚ ਭਾਜਪਾ ਜ਼ਿਲ੍ਹਾ ਪ੍ਰਧਾਨ ਹਰਵਿੰਦਰ ਸਿੰਘ ਸੰਧੂ, ਕੁਮਾਰ ਅਮਿਤ, ਐਸ ਪੀ ਕੇਵਲ, ਸ਼ਿਵ ਕੁਮਾਰ, ਸੰਦੀਪ ਕੁਮਾਰ, ਉੱਤਮ ਕੈਰੋਂ, ਓਮ ਪ੍ਰਕਾਸ਼ ਅਨਾਰੀਆ, ਰਾਕੇਸ਼ ਗਿੱਲ, ਸ਼ਕਤੀ ਕਲਿਆਣ, ਨਰਿੰਦਰ ਗੋਲਡੀ, ਦਵਿੰਦਰ ਪਹਿਲਵਾਨ, ਗੌਰਵ ਗਿੱਲ, ਸ਼ਸ਼ੀ ਗਿੱਲ ਆਦਿ ਸ਼ਾਮਲ ਸਨ।

# ਸੈਕਰਾਮੈਂਟੋ ਲਾਗੇ ਨੌਰਥ ਹਾਈਲੈਂਡਸ ’ਚ ਰਵਿੰਦਰ ਸਿੰਘ ਕਾਹਲੋਂ ’ਤੇ ਹੋਇਆ ਨਫ਼ਰਤੀ ਹਮਲਾ

ਸੈਕਰਾਮੈਂਟੋ
ਹੁਸਨ ਲੜੋਆ ਬੰਗਾ



ਸਥਾਨਕ ਭਾਈਚਾਰਕ ਕੰਮਾਂ ਚ ਵਿਚਰਨ ਵਾਲੇ ਰਵਿੰਦਰ ਸਿੰਘ ਕਾਹਲੋਂ ਤੇ ਬੀਤੇ ਦਿਨ ਸ਼ਾਮ ਨੂੰ ਜਦੋਂ ਰਵਿੰਦਰ ਸਿੰਘ ਕਾਹਲੋਂ ਆਪਣੀ ਕਾਰ ਚ ਨੌਰਥ ਹਾਈਲੈਂਡਸ ਸ਼ਹਿਰ ਵਿਖੇ ਵਾਟ ਐਵੀਨਿਊਂ ਤੇ ਆਰਕੋ ਗੈਸ ਸਟੇਸ਼ਨ ਤੋਂ ਗੈਸ ਪਵਾ ਰਹੇ ਸਨ ਤਾਂ ਪਿਛੋਂ ਆਏ ਗੋਰੇ ਜੋੜੇ ਵਲੋਂ ਉਨ੍ਹਾਂ ਨੂੰ ਉਨ੍ਹਾਂ ਦੀ ਪੱਗ ਵਾਲੀ ਦਿੱਖ ਕਰਕੇ "ਉਸਮਾਂ ਬਿਨ ਲਾਦੇਨ" "ਅੱਤਵਾਦੀ" ਤੇ ਮੁਸਲਮਾਨ ਵਰਗੇ ਸ਼ਬਦਾਂ ਦੇ ਨਾਲ ਨਾਲ ਗਾਲਾਂ ਕੱਢਣੀਆਂ ਸ਼ੁਰੂ ਕਰ ਦਿੱਤੀਆਂ, ਰਵਿੰਦਰ ਸਿੰਘ ਕਾਹਲੋਂ ਦੇ ਦੱਸਣ ਅਨੁਸਾਰ ਉਹ ਬਿਲਕੁਲ ਸ਼ਾਂਤ ਰਹੇ, ਤੇ ਜਦੋਂ ਉਹ ਨਫ਼ਰਤੀ ਇਨਸਾਨ ਨਹੀਂ ਹਟਿਆ ਤਾਂ ਕਾਹਲੋਂ ਨੇ ਉਸ ਨੂੰ ਕਿਹਾ ਕੇ ਤੂੰ ਗਲਤ ਬੋਲ ਰਿਹਾ ਏਂ ਤੇ ਪਹਿਲਾਂ ਸਿੱਖਾਂ ਵਾਰੇ ਜਾਣਕਾਰੀ ਲੈ ਤੇ ਉਹ ਫਿਰ ਵੀ ਨਾ ਹਟਿਆ।

ਇਸ ਤੋਂ ਬਾਅਦ ਜਦੋਂ ਰਵਿੰਦਰ ਸਿੰਘ ਕਾਹਲੋਂ ਆਪਣੇ ਫੋਨ ਤੋਂ ਪੁਲਿਸ ਨੂੰ ਕਾਲ ਕਰਨ ਦੀ ਕੋਸ਼ਿਸ਼ ਕਰ ਰਹੇ ਸਨ ਤਾਂ ਉਸ ਗੋਰੇ ਨੇ ਕਾਹਲੋਂ ਸਾਹਿਬ ਤੋਂ ਫੋਨ ਖੋਹ ਕੇ ਜ਼ਮੀਨ ਤੇ ਮਾਰਕੇ ਤੋੜ ਦਿਤਾ ਤੇ ਫੋਨ ਚੁੱਕ ਕੇ ਆਪਣੀ ਕਾਰ ਚ ਦੌੜ ਗਏ। ਇਸ ਦੌਰਾਨ ਪੁਲੀਸ ਸ਼ੈਰਿਫ਼ ਨੂੰ ਰਿਪੋਰਟ ਕਰ ਦਿਤੀ ਗਈ ਹੈ, ਇਸ ਉਪਰੰਤ ਐਫ ਬੀ ਆਈ ਨੂੰ ਵੀ ਈ-ਮੇਲ ਕਰਕੇ ਰਿਪੋਰਟ ਕਰ ਦਿੱਤੀ ਗਈ ਹੈ। ਇਹ ਸਾਰੀ ਘਟਨਾ ਆਰਕੋ ਗੈਸ ਸਟੇਸ਼ਨ ਦੇ ਕੈਮਰਿਆਂ ਚ ਕੈਮਰਾ ਬੰਦ ਹੋ ਗਈ ਤੇ ਪੁਲੀਸ ਇਸ ਘਟਨਾ ਦੀ ਤਫਦੀਸ਼ ਕਰ ਰਹੀ ਹੈ। ਦੂਸਰੇ ਪਾਸੇ ਸਿੱਖਾਂ ਲਈ ਲੜਨ ਵਾਲੀਆਂ ਵੱਖ ਵੱਖ ਸਿੱਖ ਤੇ ਗੈਰ ਸਿੱਖ ਸੰਸਥਾਵਾਂ ਨੂੰ ਵੀ ਕਾਨੂੰਨੀ ਮੱਦਦ ਲਈ ਗੁਹਾਰ ਲਾਈ ਹੈ ਤਾਂ ਜੋ ਕਿਸੇ ਹੋਰ ਸਿੱਖ ਨਾਲ ਅੱਗੇ ਤੋਂ ਅਜਿਹਾ ਨਾ ਵਾਪਰੇ।

# ਮੀਤ ਹੇਅਰ ਵੱਲੋਂ ਲਹਿਰਾਗਾਗਾ ਹਲਕੇ ਦੇ ਪਿੰਡਾਂ ਦਾ ਤੂਫ਼ਾਨੀ ਦੌਰਾ

ਸੰਗਰੂਰ
ਸਾਂਝੀ ਸੋਚ ਬਿਊਰੋ

ਆਮ ਆਦਮੀ ਪਾਰਟੀ ਦੇ ਸੰਗਰੂਰ ਤੋਂ ਲੋਕ ਸਭਾ ਉਮੀਦਵਾਰ ਅਤੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਵੱਲੋਂ ਲਹਿਰਾਗਾਗਾ ਹਲਕੇ ਦੇ ਪਿੰਡਾਂ ਦਾ ਤੂਫਾਨੀ ਦੌਰਾ ਕੀਤਾ ਗਿਅ। ਪਿੰਡਾਂ ਵਿੱਚ ਜੁੜੇ ਵੱਡੇ ਇਕੱਠਾਂ ਵਿੱਚ ਚੋਣ ਮੀਟਿੰਗਾਂ ਵੱਡੀਆਂ ਰੈਲੀਆਂ ਬਣ ਗਈਆਂ ਜਿਸ ਕਾਰਨ ਦੌਰੇ ਦੀ ਸਮਾਪਤੀ ਬੀਤੀ ਦੇਰ ਸ਼ਾਮ ਮੂਣਕ ਵਿਖੇ ਵੱਡੇ ਜਲਸੇ ਵਿੱਚ ਹੋਈ।

ਮੀਤ ਹੇਅਰ ਨੇ ਕਿਹਾ ਕਿ ਸੰਗਰੂਰ ਹਲਕੇ ਦਾ ਸਰਵਪੱਖੀ ਵਿਕਾਸ ਕਰਵਾਉਣ ਲਈ ਸਮੁੱਚੇ ਹਲਕੇ ਦੇ ਵਿਧਾਇਕਾਂ ਨੂੰ ਨਾਲ ਲੈ ਕੇ ਕੰਮ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਨੇ ਦੋ ਸਾਲਾਂ ਵਿੱਚ ਮੁਫਤ ਬਿਜਲੀ, ਆਮ ਆਦਮੀ ਕਲੀਨਿਕ, ਸਕੂਲ ਆਫ਼ ਐਮੀਨੈਂਸ ਜਿਹੀਆਂ ਗਾਰੰਟੀਆਂ ਪੂਰੀਆਂ ਕੀਤੀਆਂ। ਇਸ ਤੋਂ ਇਲਾਵਾ ਲੋਕਾਂ ਨੂੰ ਸੜਕੀ ਹਾਦਸਿਆਂ ਤੋਂ ਬਚਾਉਣ ਲਈ ਸੜਕ ਸੁਰੱਖਿਆ ਫੋਰਸ ਦੀ ਸਥਾਪਨਾ ਕੀਤੀ। ਟੋਲ ਪਲਾਜ਼ੇ ਬੰਦ ਕਰਵਾ ਕੇ ਲੋਕਾਂ ਦੇ ਪੈਸੇ ਦੀ ਬੱਚਤ ਵੀ ਕੀਤੀ ਹੈ। ਉਨ੍ਹਾਂ ਦੀ ਪਾਰਟੀ ਆਪਣੇ ਕੰਮਾਂ ਦੇ ਸਿਰ ਉਤੇ ਵੋਟਾਂ ਮੰਗ ਰਹੀ ਹੈ। ਹਲਕਾ ਵਿਧਾਇਕ ਬਰਿੰਦਰ ਕੁਮਾਰ ਗੋਇਲ ਨੇ ਮੀਤ ਹੇਅਰ ਨੂੰ ਵਿਸ਼ਵਾਸ ਦਿਵਾਇਆ ਕਿ ਲਹਿਰਾਗਾਗਾ ਹਲਕੇ ਵਿੱਚੋਂ ਆਮ ਆਦਮੀ ਪਾਰਟੀ ਨੂੰ ਵੱਡੀ ਲੀਡ ਮਿਲੇਗੀ। ਉਨ੍ਹਾਂ ਕਿਹਾ ਕਿ ਅੱਜ ਦੇ ਇਕੱਠਾਂ ਨੇ ਇਹ ਗੱਲ ਸਾਬਤ ਵੀ ਕਰ ਦਿੱਤੀ ਹੈ ਅਤੇ ਪਿੰਡ ਵਾਸੀਆਂ ਨੇ ਵੱਡੇ ਇਕੱਠ ਕਰਕੇ ਮੀਤ ਹੇਅਰ ਨੂੰ ਸਮਰਥਨ ਦੇਣ ਦਾ ਐਲਾਨ ਕੀਤਾ ਹੈ।




WE HAVE THE CHEAPEST FARES TO INDIA
LEGEND TRAVEL
arc accredited agency
CST # 207524-40
Special Fares To India From West-coast (us) On Air India Direct Flights
AIR INDIA
JATINDER SINGH
LOWEST AIRFARES FROM USA TO INDIA
★Travel Insurance ★ Great last Minute Deals★ Offices in India
ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।
CALL US
(510) 797-9010
USA OFFICE: 2450 PERALTA BLVD., STE 106-108,
FREMONT CA 94536 PH.: 510-797-9010
Website: www.legendamerica.net
Emirates
CATHAY PACIFIC
ASIANA AIRLINES
JET AIRWAYS
CHINA AIRLINES
BRITISH AIRWAYS
SINGAPORE AIRLINES
Lufthansa
ANA


VOTE & SUPPORT
ਸ਼੍ਰੋਮਣੀ ਅਕਾਲੀ ਦਲ
ਸ਼੍ਰੋਮਣੀ ਅਕਾਲੀ ਦਲ
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
SATBIR SINGH HEER


One Auto Repair
a1aurtorepair4@yahoo.com
ਏ ਵਨ ਆਟੋ ਰਿਪੇਅਰ ਸ਼ਾਪ
Tune up
Oil change
Transmission
Brakes
Engine
ਬ੍ਰੈਕ ਰਿਪੇਅਰ
ਆਇਲ ਬਦਲਣਾ
ਕਾਰਾਂ ਦੀ ਡਾਇਗਨੋਸਿਸ
ਟਿਊਨਅਪ
ਟ੍ਰਾਂਸਮਿਸਨਾਂ ਦਾ ਕੰਮ ਤੱਸਲੀਬਖਸ਼
24 ਘੰਟੇ ਉਪਲੱਬਧ
ਹਰ ਤਰ੍ਹਾਂ ਦੀ ਆਟੋ ਰਿਪੇਅਰ ਦਾ ਕੰਮ ਤੱਸਲੀਬਖਸ਼
ਫੋਰਗਨ ਅਤੇ ਡੋਮੇਸਟਿਕ ਕਾਰਾਂ ਦੀ ਰਿਪੇਅਰ
ਆਪਣੀਆਂ ਕਾਰਾਂ ਦੇ ਤੱਸਲੀਬਖਸ਼ ਰਿਪੇਅਰ ਲਈ ਪ੍ਰਦੀਪ ਸਿੰਘ ਨਾਲ
ਕਿਸੇ ਵੇਲੇ ਵੀ ਸੰਪਰਕ ਕਰ ਸਦਕੇ ਹੋਂ।
2213 Rockefeller Dr. Ste.D Ceres CA 95307
PH : (209) 537-5081, CELL : (209) 604-0354





RE/MAX EXECUTIVE

ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।

**Kirandeep Kaur**

Realtor ®

CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

# ਸੰਧੂ ਸਮੁੰਦਰੀ ਦੇ ਹੱਕ 'ਚ ਰਾਜਾਸਾਂਸੀ ਹਲਕੇ 'ਚ ਮੁਖਵਿੰਦਰ ਸਿੰਘ ਮਾਹਲ ਵੱਲੋਂ ਰੋਡ ਸ਼ੋਅ ਕੀਤਾ ਗਿਆ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਜਪਾ ਦੇ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੇ ਹੱਕ 'ਚ ਹਲਕਾ ਰਾਜਾਸਾਂਸੀ 'ਚ ਮੁਖਵਿੰਦਰ ਸਿੰਘ ਮਾਹਲ ਵੱਲੋਂ ਰੋਡ ਸ਼ੋ ਕੀਤਾ ਗਿਆ। ਇਹ ਰਾਜਾਸਾਂਸੀ ਤੋਂ ਸ਼ੁਰੂ ਹੋਕੇ ਪਿੰਡ ਖਿਆਲਾ ਕਲਾ, ਚੁਗਾਵਾਂ ਤੋਂ ਹੁੰਦਾ ਹੋਇਆ ਸਰਹੱਦੀ ਪਿੰਡਾਂ ਭਿੰਡੀ ਸੈਂਦਾ ਵਿਖੇ ਸਮਾਪਤ ਕੀਤਾ ਗਿਆ। ਵਿਸ਼ਾਲ ਰੋਡ ਸ਼ੋਅ ਵਿਚ ਭਾਰੀ ਗਿਣਤੀ ਵਿੱਚ ਮੋਟਰਸਾਈਕਲ ਅਤੇ ਕਾਰਾਂ 'ਚ ਸਵਾਰ ਪਾਰਟੀ ਦੇ ਵਰਕਰਾਂ ਵੱਲੋਂ ਪਾਰਟੀ ਦੇ ਝੰਡੇ ਲਗਾ ਕੇ ਇਲਾਕਾ ਨਿਵਾਸੀਆਂ ਨੂੰ ਵੋਟਾਂ ਪਾਉਣ ਦੇ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਲੋਕਾਂ ਵੱਲੋਂ ਥਾਂ ਥਾਂ ਤਰਨਜੀਤ ਸਿੰਘ ਸੰਧੂ ਸਮੁੰਦਰੀ ਦਾ ਭਰਵਾਂ ਸਵਾਗਤ ਕੀਤਾ ਗਿਆ। ਲੋਕਾਂ ਨੇ ਭਰੋਸਾ ਦਿੱਤਾ ਕਿ ਉਹ ਸੰਧੂ ਸਮੁੰਦਰੀ ਨੂੰ ਜਿਤਾ ਕੇ ਦਮ ਲੈਣਗੇ।

ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਸ੍ਰੀ ਅੰਮ੍ਰਿਤਸਰ ਲਈ ਆਪਣਾ ਵਿਜ਼ਨ ਪੇਸ਼ ਕਰਦਿਆਂ ਕਿਹਾ ਕਿ ਉਸ ਦਾ ਮਕਸਦ ਅੰਮ੍ਰਿਤਸਰ ਲੋਕ ਸਭਾ ਹਲਕੇ ਦੀ ਤਰੱਕੀ ਅਤੇ ਖ਼ੁਸ਼ਹਾਲੀ ਹੈ। ਉਨ੍ਹਾਂ ਕਾਰੋਬਾਰ ਅਤੇ ਇੰਡਸਟਰੀ ਬਾਰੇ ਕਿਹਾ ਕਿ ਅੰਮ੍ਰਿਤਸਰ ਨੂੰ ਪਹਿਲਾਂ ਦੀ ਤਰਾਂ ਇੰਡਸਟਰੀ ਹੱਬ ਬਣਾਇਆ ਜਾਵੇਗਾ। ਕਾਰੋਬਾਰੀਆਂ ਦੀ ਪ੍ਰੇਸ਼ਾਨੀ ਦੂਰ ਕਰਨ ਵਲ ਕਦਮ ਪੁੱਟਣਾ ਉਸ ਦੀ ਪਹਿਲ ਹੋਵੇਗੀ। ਅੰਮ੍ਰਿਤਸਰ ਬ੍ਰਾਂਡ ਨੂੰ ਵਿਦੇਸ਼ਾਂ ਵਿਚ ਹਰ ਹਾਲ ਪਾਪੂਲਰ ਕਰਾਇਆ ਜਾਵੇਗਾ।



ਅੰਮ੍ਰਿਤਸਰ 'ਚ ਅਮਰੀਕਨ ਕੌਂਸਲੇਟ ਖੋਲ੍ਹਿਆ ਜਾਵੇਗਾ। ਮਲਟੀਪਲ ਵੀਜ਼ਾ ਅਪਲਾਈ ਸੈਂਟਰ 'ਵੀ ਐਫ ਐਸ ਗਲੋਬਲ ਸੈਂਟਰ' ਨੂੰ ਅੰਮ੍ਰਿਤਸਰ ਵਿਖੇ ਸਥਾਪਿਤ ਕੀਤਾ ਜਾਵੇਗਾ ਅਤੇ ਲੋਕਾਂ ਲਈ ਬਾਇਓ ਮੈਟਰਿਕ ਉਪਕਰਨ ਉਪਲਬਧ ਕਰਾਇਆ ਜਾਵੇਗਾ। ਗੁਰੂ ਨਾਨਕ ਦੇਵ ਹਸਪਤਾਲ ਨੂੰ ਏਮਜ਼ 'ਚ ਤਬਦੀਲ ਕੀਤਾ ਜਾਵੇਗਾ। ਕੇਂਦਰੀ ਯੂਨੀਵਰਸਿਟੀ ਅੰਮ੍ਰਿਤਸਰ ਲਿਆਵਾਂਗੇ। ਅੰਮ੍ਰਿਤਸਰ ਨੂੰ ਆਈ ਟੀ ਹੱਬ ਅਤੇ ਅਟਾਰੀ ਬਾਡਰ ( ਆਈ ਪੀ ਸੀ ) ਰਾਹੀ ਵਪਾਰ ਖੋਲ੍ਹਾਂਗੇ। ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਇੰਟਰਨੈਸ਼ਨਲ ਏਅਰ ਪੋਰਟ, ਰਾਜਾਸਾਂਸੀ ਅੰਮ੍ਰਿਤਸਰ ਤੋਂ ਏਅਰ ਕਾਰਗੋ ਦੀ ਪੂਰੀ ਵਰਤੋਂ ਕੀਤੀ ਜਾਵੇਗੀ। ਤਾਂ ਕਿ ਕਿਸਾਨਾਂ ਦੀਆਂ ਸਬਜ਼ੀਆਂ ਅਤੇ ਫ਼ਲ ਆਦਿ ਨੂੰ ਬਾਹਰ ਭੇਜਣਾ ਸੌਖਾ ਕੀਤਾ ਜਾ ਸਕੇ। ਅੰਮ੍ਰਿਤਸਰ ਵਾਇਆ ਮਖੂ ਗੁਜਰਾਤ ਅਤੇ ਮੁੰਬਈ ਪੋਰਟ ਰਾਹੀਂ ਖਾੜੀ ਦੇਸ਼ਾਂ ਨਾਲ ਵਪਾਰ ਨੂੰ ਉਤਸ਼ਾਹਿਤ ਕਰਨਾ ਉਦੇਸ਼ ਹੈ। ਅੰਮ੍ਰਿਤਸਰ ਨੂੰ ਏਅਰ ਕੁਨੈਕਟੀਵਿਟੀ ਵਧਾਉਣ ਵਲ ਧਿਆਨ ਦੇਵਾਂਗਾ। ਕੈਨੇਡਾ ਅਤੇ ਅਮਰੀਕਾ ਤੋਂ ਸਿੱਧੀਆਂ ਉਡਾਣਾਂ ਆਉਣਗੀਆਂ। ਸਰਹੱਦੀ ਖੇਤਰ ਅੰਮ੍ਰਿਤਸਰ 'ਚ ਐਸ ਈ ਜੈਡ ਸਥਾਪਿਤ ਕਰਨਾ। ਬਾਡਰ ਏਰੀਆ ਡਿਵੈਲਪਮੈਂਟ ਫ਼ੰਡ ਦੀ ਵਰਤੋਂ ਆਪਣੇ ਮਕਸਦ ਲਈ ਹੀ ਹੋਵੇ ਇਹ ਯਕੀਨੀ ਬਣਾਇਆ ਜਾਵੇਗਾ। ਤਾਰਾਂ ਤੋਂ ਪਾਰ ਜ਼ਮੀਨਾਂ 'ਚ ਕੰਮ ਕਰਦੇ ਕਿਸਾਨਾਂ ਮਜ਼ਦੂਰਾਂ ਲਈ ਵਧੇਰੇ ਸਮਾਂ ਦਿਵਾਇਆ ਜਾਵੇਗਾ । ਤਾਰ ਤੋਂ ਪਾਰ ਜ਼ਮੀਨਾਂ ਦਾ ਮੁਆਵਜ਼ਾ ਦਿਵਾਇਆ ਜਾਵੇਗਾ। ਕੰਡਿਆਲੀ ਤਾਰ ਨੂੰ ਜ਼ੀਰੋ ਲਾਈਨ 'ਤੇ ਲਿਜਾਣ ਦਾ ਕੰਮ ਸ਼ੁਰੂ ਹੋ ਚੁਕਾ ਹੈ। ਸਪੋਰਟਸ ਨੂੰ ਉਤਸ਼ਾਹਿਤ ਕਰਨ ਹਿਤ ਕ੍ਰਿਕਟ ਸਟੇਡੀਅਮ ਅਤੇ ਗਾਂਧੀ ਗਰਾਊਂਡ ਵਿਚ 2027 ਨੂੰ ਆਈ ਪੀ ਐੱਲ ਮੈਚ ਕਰਾਇਆ ਜਾਵੇਗਾ।ਆਧੁਨਿਕ ਤਕਨੀਕ ਨਾਲ ਲੈਸ ਖੇਡ ਕੰਪਲੈਕਸ। ਪਿੰਡਾਂ ਵਿਚ ਖੇਡ ਗਰਾਊਂਡ ਬਣਾਏ ਜਾਣਗੇ। ਅੰਮ੍ਰਿਤਸਰ ਨੂੰ ਇੰਦੌਰ ਦੀ ਤਰਾਂ ਸਾਫ਼ ਅਤੇ ਸਵੱਛ ਬਣਾਉਣਾ ਅਤੇ 2027 ਤਕ ਗੁਰੂ ਨਗਰੀ ਦੇ 450ਵੇ ਸਥਾਪਨਾ 'ਤੇ ਸ਼ਹਿਰ ਨੂੰ ਇੰਦੌਰ ਤੇ ਬੰਗਲੌਰ ਦੀ ਤਰਾਂ ਸਾਫ਼ ਅਤੇ ਸਵੱਛ ਬਣਾਉਣ ਹਿਤ ਪ੍ਰਧਾਨ ਮੰਤਰੀ ਤੋਂ ਵਿਸ਼ੇਸ਼ ਪੈਕੇਜ ਲੈ ਕੇ ਆਵਾਂਗਾ। ਸ੍ਰੀ ਦਰਬਾਰ ਸਾਹਿਬ ਅਤੇ ਦੁਰਗਿਆਣਾ ਮੰਦਰ ਤਕ ਸ਼ਰਧਾਲੂਆਂ ਦੀ ਪਹੁੰਚ ਨੂੰ ਅਸਾਨ ਬਣਾਉਣ ਲਾਈ ਯੋਜਨਾ 'ਤੇ ਅਮਲ ਕੀਤਾ ਜਾਵੇਗਾ। ਸੀਵਰੇਜ ਸਿਸਟਮ ਨੂੰ ਦਰੁਸਤ ਕਰਨ ਤੇ ਸੀਵਰੇਜ ਅਤੇ ਪਾਣੀ ਦੇ ਮਿਲਾਪ ਨੂੰ ਸਹੀ ਕਰਨ ਲਈ ਆਧੁਨਿਕ ਤਕਨੀਕ ਦੀ ਵਰਤੋਂ ਕੀਤੀ ਜਾਵੇਗੀ। ਗੰਦੇ ਨਾਲੇ ਦੀ ਪ੍ਰੇਸ਼ਾਨੀ ਦੂਰ ਕਰਨ ਲਈ ਵਾਟਰ ਟਰੀਟਮੈਂਟ ਪਲਾਂਟ ਲਗਾਏ ਜਾਣਗੇ।

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਵੱਲੋਂ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਲਿਫ਼ਟ ਦਾ ਉਦਘਾਟਨ

ਬੰਗਾ
ਸਾਂਝੀ ਸੋਚ ਬਿਊਰੋ

ਅੱਜ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ 30 ਲੱਖ ਰੁਪਏ ਲਾਗਤ ਵਾਲੀ ਲਿਫ਼ਟ ਦਾ ਉਦਘਾਟਨ ਕੀਤਾ ਗਿਆ। ਇਹ ਉਦਘਾਟਨੀ ਰਸਮ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਨਿਭਾਈ । ਉਹਨਾਂ ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਇਹ ਰਸਮ ਨਿਭਾਈ। ਉਹਨਾਂ ਨੇ ਮਨੁੱਖਤਾ ਦੀ ਸੇਵਾ ਹਿੱਤ ਹਸਪਤਾਲ ਵਿਖੇ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਦੀ ਭਰਪੂਰ ਸ਼ਲਾਘਾ ਕੀਤੀ। ਹਰਜਿੰਦਰ ਸਿੰਘ ਧਾਮੀ ਵੱਲੋਂ ਹਸਪਤਾਲ ਦੇ ਵੱਖ ਵੱਖ ਵਾਰਡਾਂ ਦਾ ਦੌਰਾ ਕੀਤਾ ਗਿਆ ਅਤੇ ਟਰੱਸਟ ਨੂੰ ਸਮਾਜ ਸੇਵਾ ਦੇ ਇਸ ਕਾਰਜ ਰਾਹੀਂ ਭੂਮਿਕਾ ਨਿਭਾਉਣ ਲਈ ਵਧਾਈ ਵੀ ਦਿੱਤੀ। ਉਹਨਾਂ ਵਾਅਦਾ ਕੀਤਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਸ਼ੁੱਭ ਕਾਮਨਾਵਾਂ ਹਮੇਸ਼ਾਂ ਇਸ ਅਦਾਰੇ ਨਾਲ ਹਨ।



ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਦੀ ਅਗਵਾਈ ਵਿੱਚ ਉਹਨਾਂ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਯਾਦਗਾਰੀ ਚਿੰਨ ਦੇ ਕੇ ਉਹਨਾਂ ਨੂੰ ਸਨਮਾਨਿਤ ਕੀਤਾ ਗਿਆ। ਟਰੱਸਟ ਦੇ ਨੁਮਾਇੰਦਿਆਂ ਵਲੋਂ ਉਹਨਾਂ ਨਾਲ ਸਿਹਤ ਅਤੇ ਸਿੱਖਿਆ ਖੇਤਰ ਵਿੱਚ ਮਿਲਦੀਆਂ ਸਹੂਲਤਾਂ ਦੀ ਜਾਣਕਾਰੀ ਸਾਂਝੀ ਕੀਤੀ ਗਈ। ਉਹਨਾਂ ਨੇ ਦੱਸਿਆ ਕਿ ਹਸਪਤਾਲ ਦੇ ਮਰੀਜ਼ਾਂ ਦੀ ਸਹੂਲਤ ਲਈ ਇਹ ਆਧੁਨਿਕ ਲਿਫਟ ਹਸਪਤਾਲ ਵਿਚ ਲਗਾਈ ਗਈ ਹੈ, ਜਿਸ ਨਾਲ ਹਸਪਤਾਲ ਦੀ ਤੀਜੀ ਮੰਜ਼ਿਲ ਦੇ ਡੀਲਕਸ ਵਾਰਡ, ਮੈਡੀਸਨ ਵਾਰਡਾਂ ਅਤੇ ਦੂਜੀ ਮੰਜ਼ਿਲ 'ਤੇ ਸਥਾਪਿਤ ਚਾਰ ਅਪਰੇਸ਼ਨ ਥੀਏਟਰਾਂ ਤੋਂ ਇਲਾਵਾ ਐਚ. ਡੀ. ਯੂ. ਵਾਰਡ, ਸਰਜਰੀ ਵਾਰਡ, ਸੈਮੀ ਡੀਲਕਸ ਨਿਊਰੋ ਸਰਜਰੀ ਵਾਰਡ ਅਤੇ ਪ੍ਰਾਈਵੇਟ ਰੂਮਾਂ ਵਿਚ ਬਿਮਾਰ ਮਰੀਜ਼ਾਂ ਅਤੇ ਉਹਨਾਂ ਦੇ ਸਹਾਇਕਾਂ ਦਾ ਆਣ-ਜਾਣਾ ਸੌਖਾ ਹੋਵੇਗਾ । ਇਸ ਮੌਕੇ ਜਥੇਦਾਰ ਗੁਰਬਖਸ਼ ਸਿੰਘ ਖਾਲਸਾ ਮੀਤ ਪ੍ਰਧਾਨ ਸ਼ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅਮ੍ਰਿੰਤਸਰ ਸਾਹਿਬ ਨੇ ਹਸਪਤਾਲ ਵਿਚ ਲਿਫਟ ਦੀ ਸਹੂਲਤ ਸ਼ੁਰੂ ਕਰਨ ਤੇ ਵਧਾਈਆਂ ਦਿੱਤੀਆਂ। ਇਸ ਮੌਕੇ ਟਰੱਸਟ ਦੇ ਸਕੱਤਰ ਅਮਰਜੀਤ ਸਿੰਘ ਕਲੇਰਾਂ, ਐਜੂਕੇਸ਼ਨਲ ਡਾਇਰੈਕਟਰ ਪ੍ਰੋ. ਹਰਬੰਸ ਸਿੰਘ ਬੋਲੀਨਾ, ਪ੍ਰਿੰਸੀਪਲ ਵਨੀਤਾ ਚੋਟ, ਨਰਸਿੰਗ ਸੁਪਰਡੈਂਟ ਦਵਿੰਦਰ ਕੌਰ, ਦਫਤਰ ਸੁਪਰਡੈਂਟ ਮਹਿੰਦਰਪਾਲ ਸਿੰਘ, ਵਾਈਸ ਪ੍ਰਿੰਸੀਪਲ ਰਮਨਦੀਪ ਕੌਰ, ਪ੍ਰੋਫੈਸਰ ਸੁਖਮਿੰਦਰ ਕੌਰ, ਵਾਈਸ ਪ੍ਰਿੰਸੀਪਲ ਰਾਜਦੀਪ ਥਿਥਵਾਰ, ਇੰਜੀ: ਭੁਪਿੰਦਰ ਸਿੰਘ, ਹਰਦੀਪ ਸਿੰਘ ਕੋਟ ਰਾਝਾਂ, ਸੁਰੱਖਿਆ ਅਫਸਰ ਰਣਜੀਤ ਸਿੰਘ ਤੋਂ ਇਲਾਵਾ ਸਮੂਹ ਹਸਪਤਾਲ ਸਟਾਫ, ਗੁਰੂ ਨਾਨਕ ਨਰਸਿੰਗ ਕਾਲਜ, ਗੁਰੂ ਨਾਨਕ ਪੈਰਾ ਮੈਡੀਕਲ ਕਾਲਜ ਅਤੇ ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਾਹਾਂ ਕਲੇਰਾਂ ਦਾ ਸਮੂਹ ਸਟਾਫ ਵੀ ਹਾਜ਼ਰ ਸੀ ।

# ਤੁਹਾਡੇ ਪਿੰਡਾਂ ਦਾ ਜਨਮਿਆ ਹਾਂ ਅਤੇ ਤੁਹਾਡਾ ਹਰ ਦੁੱਖ-ਸੁੱਖ ਮੇਰਾ ਆਪਣਾ: ਮੀਤ ਹੇਅਰ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਆਮ ਆਦਮੀ ਪਾਰਟੀ ਦੇ ਸੰਗਰੂਰ ਤੋਂ ਲੋਕ ਸਭਾ ਉਮੀਦਵਾਰ ਅਤੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਕਿਹਾ ਕਿ ਮੈਂ ਤੁਹਾਡੇ ਹੀ ਪਿੰਡਾਂ ਦਾ ਜਨਮਿਆ ਹੈ ਅਤੇ ਹਲਕੇ ਦੇ ਹਰ ਦੁੱਖ-ਸੁੱਖ ਉਸ ਦਾ ਆਪਣਾ ਹੈ।

ਮੀਤ ਹੇਅਰ ਨੇ ਦੂਜੀਆਂ ਪਾਰਟੀਆਂ ਦੇ ਉਮੀਦਵਾਰਾਂ ਨੂੰ ਬਾਹਰੀ ਦੱਸਦਿਆਂ ਕਿਹਾ ਕਿ ਮੇਰਾ ਜੱਦੀ ਪਿੰਡ ਕੁਰੜ ਹੈ ਅਤੇ ਰਿਹਾਇਸ਼ ਬਰਨਾਲਾ ਹੈ। ਮੈਂ ਇੱਥੇ ਹੀ ਰਹਿੰਦਾ ਹਾਂ ਅਤੇ ਮੈਨੂੰ ਮਿਲਣ ਲਈ ਹਲਕੇ ਤੋਂ ਬਾਹਰ ਜਾਣ ਦੀ ਲੋੜ ਨਹੀਂ

ਮੀਤ ਹੇਅਰ ਅੱਜ ਮਹਿਲ ਕਲਾਂ ਹਲਕੇ ਦੇ ਪਿੰਡਾਂ ਦਾ ਦੌਰਾ ਕਰ ਰਹੇ ਸਨ।

ਮੀਤ ਹੇਅਰ ਤੇ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਵਜੀਦਕੇ ਪਿੰਡ ਤੋਂ ਆਪਣੀਆਂ ਚੋਣ ਮੀਟਿੰਗਾਂ ਦੀ ਸ਼ੁਰੂਆਤ ਕੀਤੀ।

ਸਭ ਤੋਂ ਪਹਿਲਾਂ ਸ਼ਹੀਦ ਰਹਿਮਤ ਅਲੀ ਵਜੀਦਕੇ ਦੇ ਬੁੱਤ ਉਤੇ ਫੁੱਲ ਮਾਲਾ ਪਾ ਕੇ ਸ਼ਹੀਦ ਨੂੰ ਸਿਜਦਾ ਕੀਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਸ਼ਹੀਦਾਂ ਵੱਲੋਂ ਸੰਜੋਏ ਸੁਫਨਿਆਂ ਨੂੰ ਪੂਰਾ ਕਰਨ ਲਈ ਦਿਨ-ਰਾਤ ਕੰਮ ਕਰ ਰਹੀ ਹੈ। ਉਨ੍ਹਾਂ ਲਈ ਸ਼ਹੀਦ ਦੀ ਆਦਰਸ਼ ਹਨ।

ਮੀਤ ਹੇਅਰ ਨੇ ਕਿਹਾ ਕਿ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਅਗਵਾਈ ਵਿੱਚ ਉਨ੍ਹਾਂ ਦੀ ਪਾਰਟੀ ਸੰਵਿਧਾਨ ਬਚਾਉਣ ਦੀ ਲੜਾਈ ਲੜ ਰਹੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਪਿਛਲੇ ਦੋ ਸਾਲਾਂ ਵਿੱਚ ਸੂਬੇ ਵਿੱਚ ਲਾਮਿਸਾਲ ਕੰਮ ਕੀਤੇ ਹਨ।

ਐਮ.ਐਲ.ਏ. ਕੁਲਵੰਤ ਸਿੰਘ ਪੰਡੋਰੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਹੀ ਸਿਰਫ ਹਲਕੇ ਵਿੱਚੋਂ ਉਮੀਦਵਾਰ ਖੜ੍ਹਾ ਕੀਤਾ ਹੈ ਅਤੇ ਹੁਣ ਸੰਗਰੂਰ ਵਾਸੀਆਂ ਦਾ ਫਰਜ਼ ਬਣਦਾ ਹੈ ਕਿ ਆਪਣੇ ਪੁੱਤ ਨੂੰ ਜਿਤਾ ਕੇ ਪਾਰਲੀਮੈਂਟ ਭੇਜਿਆ ਜਾਵੇ। ਉਨ੍ਹਾਂ ਕਿਹਾ ਕਿ ਮਹਿਲ ਕਲਾਂ ਹਲਕੇ ਤੋਂ ਆਮ ਆਦਮੀ ਪਾਰਟੀ ਸਭ ਤੋਂ ਵੱਡੇ ਫਰਕ ਨਾਲ ਲੀਡ ਹਾਸਲ ਕਰੇਗੀ।




ਸੰਤ ਜਰਨੈਲ ਸਿੰਘ ਭਿੰਡਰਾਂਵਾਲੇ
ਜਨਰਲ ਸੁਬੇਗ ਸਿੰਘ
ਭਾਈ ਅਮਰੀਕ ਸਿੰਘ
ਸ਼ਹੀਦ ਭਾਈ ਦੀਪ ਸਿੱਧੂ
VOTE & SUPPORT
ਹਲਕਾ ਸੰਗਰੂਰ
ਹਲਕਾ ਖਡੂਰ ਸਾਹਿਬ
ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ
ਸਿਮਰਨਜੀਤ ਸਿੰਘ ਮਾਨ
ਭਾਈ ਅੰਮ੍ਰਿਤਪਾਲ ਸਿੰਘ
ਜਾਰੀ ਕਰਤਾ
JB TYRES INC
24/7 MOBILE REPAIR
TRUCK AND TRAILER
• NEW / USED TYRES • BRAKES • HUBS SEAL • OIL CHANGE
TEL: 337-513-3544 1651 FAIRVIEW DR. CERES. CA 95307
MAHABIR SINGH
JOBANPREET SINGH


Star India
SWEETS AND CATERING
VEG AND NON-VEG
Entrees
DESSERTS
APPETIZERS
BEVERAGES
SIDES ETC.
RENOWNED CHEFS
HIGH QUALITY INGREDIENTS
ਵਿਆਹ - ਸ਼ਾਦੀਆਂ ਜਾਂ ਪਾਰਟੀਆਂ ਲਈ 2000 ਬੰਦਿਆਂ ਦੀ ਕੇਟਰਿੰਗ ਦਾ ਵੀ ਖਾਸ ਪ੍ਰਬੰਧ
ਦੇਸੀ ਘੀ ਦੀਆਂ ਸਵਾਦਿਸ਼ਟ ਤੇ ਤਾਜ਼ੀਆਂ ਮਠਿਆਈਆਂ ਖ਼ਾਸ ਮੌਕਿਆਂ ਲਈ
ORDERS ਤੇ ਕਰਵਾਓ ਤਿਆਰ
DINE IN AND TO GO ORDERS ALSO AVAILABLE
ਹਫ਼ਤੇ ਦੇ 7 ਤੇ ਦਿਨ ਖੁੱਲਾ : 10am-9pm
PHONE NUMBER:
(209) 629-8511, (209)858-1380
CELL ( ASHOK VERMA) (209) 681-5171
Address :- 209 E Louise Ave, Lathrop, CA , 95330


SINCE 1990
BAGGA
PALACE
ਇੱਕੋ ਥਾਂ 'ਤੇ ਪਿਛਲੇ 1990 ਤੋਂ
ਤੁਹਾਡੀ ਸੇਵਾ ਕਰ ਰਹੇ ਹਨ
ਖਰੀਦੋ ਮਨਪਸੰਦ ਸੋਨੇ ਦੇ ਗਹਿਣੇ
ਨਵੇਂ ਤੋਂ ਨਵੇਂ ਡਿਜ਼ਾਈਨ
ਸ਼ੁੱਧਤਾ ਦੀ 100% ਗਾਰੰਟੀ
22 ਕੈਰੇਟ ਸੋਨੇ ਦੇ ਗਹਿਣੇ
We buy Gold
ਸੋਨੇ ਦੇ ਗਹਿਣੇ ਖਰੀਦਣ, ਵੇਚਣ ਅਤੇ ਪੁਰਾਣੇ ਸੋਨੇ ਬਦਲੇ
ਨਵਾਂ ਸੋਨਾ ਲੈਣ ਲਈ ਸੰਪਰਕ ਕਰੋ
Ph.: (916) 393-1872, (916) 678-9312
Monday to Sunday (open) | Tuesday ( closed )
(closed)
ADDRESS : 6620 FLORIN ROAD, SACRAMENTO , CA 95828


SAN MARCO TEEYAN BAY POINT
PROUDLY PRESENTS ( NONPROFIT)
7TH ANNUAL WOMENS FESTIWAL
FETURING : GIDHA, DANCE, SKITS, SONGS, LIVE DJ AND MUCH MORE
San marco Teeyan
SINGER
JASPINDER RAINA
HOST
JOT RANJIT
ON SUNDAY JULY 14TH 2024
@MEHRAN BANQUET HALL 12 PM TO 6 PM
3841 RAILROAD AVE, PITTSBURG, CA 94565
REFFEL DRAWING FOR GOLD ITEM
AND MORE PRIZES
Free Entry
Free Parking
PHOTO & VIDEOGRAPHY BY
PAL FILMS
GRAND SPONSOR
CHINNA JEWELERS
FOR MORE INFO & PARTICIPATION CALL
SONIA WALIA
925-565-6058
PARAMJIT NOKWAL
925-323-2523
HARPREET SUTTI
925-465-3414

# ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਅੱਜ ਦੂਜੇ ਫੇਸਬੁੱਕ ਲਾਈਵ ਦੌਰਾਨ ਲੋਕਾਂ ਨਾਲ ਕਰਨਗੇ ਰਾਬਤਾ

**ਚੰਡੀਗੜ੍ਹ**
**ਸਾਂਝੀ ਸੋਚ ਬਿਊਰੋ**

ਬੀਤੇ ਮਹੀਨੇ ਪਹਿਲੇ ਫੇਸਬੁੱਕ ਲਾਈਵ ਪ੍ਰੋਗਰਾਮ ਦੀ ਸਫ਼ਲਤਾ ਤੋਂ ਬਾਅਦ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਵੱਲੋਂ ਸ਼ੁੱਕਰਵਾਰ (17 ਮਈ) ਨੂੰ ਸਵੇਰੇ 11:00 ਤੋਂ 11:30 ਵਜੇ ਤੱਕ 'ਟਾਕ ਟੂ ਯੂਅਰ ਸੀ.ਈ.ਓ ਪੰਜਾਬ' ਦੇ ਬੈਨਰ ਹੇਠ ਦੂਜਾ ਫੇਸਬੁੱਕ ਲਾਈਵ ਸੈਸ਼ਨ ਕੀਤਾ ਜਾਵੇਗਾ, ਜਿਸ ਦੌਰਾਨ ਉਹ ਲੋਕ ਸਭਾ ਚੋਣਾਂ 2024 ਨਾਲ ਸਬੰਧਤ ਵੋਟਰਾਂ ਦੇ ਸਵਾਲਾਂ ਦੇ ਜਵਾਬ ਦੇਣਗੇ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਬਿਨ ਸੀ ਨੇ ਦੱਸਿਆ ਕਿ ਇਸ ਪਹਿਲਕਦਮੀ ਦਾ ਇੱਕੋ ਇੱਕ ਉਦੇਸ਼ ਵੋਟਰਾਂ ਦਰਮਿਆਨ ਜਾਗਰੂਕਤਾ ਫੈਲਾਉਣਾ ਅਤੇ ਚੋਣ ਪ੍ਰਕਿਰਿਆ ਨਾਲ ਸਬੰਧਤ ਉਨ੍ਹਾਂ ਦੇ ਸ਼ੰਕਿਆਂ ਨੂੰ ਦੂਰ ਕਰਨਾ ਹੈ। ਉਨ੍ਹਾਂ ਕਿਹਾ ਕਿ "ਇਸ ਵਾਰ 70 ਪਾਰ" ਦੇ ਟੀਚੇ ਦੀ ਪ੍ਰਾਪਤੀ ਅਤੇ ਸੂਬੇ ਵਿੱਚ ਆਜ਼ਾਦ ਅਤੇ ਨਿਰਪੱਖ ਚੋਣ ਅਮਲ ਨੂੰ ਨੇਪਰੇ ਚਾੜ੍ਹਨ ਲਈ ਦਫ਼ਤਰ, ਮੁੱਖ ਚੋਣ ਅਫ਼ਸਰ ਵੱਲੋਂ ਵੱਖ-ਵੱਖ ਪਹਿਲਕਦਮੀਆਂ ਕੀਤੀਆਂ ਗਈਆਂ ਹਨ ਅਤੇ ਇਹ ਸੈਸ਼ਨ ਉਸੇ ਦਾ ਹੀ ਹਿੱਸਾ ਹੈ।




ਮੁੱਖ ਚੋਣ ਅਧਿਕਾਰੀ ਨੇ ਅੱਗੇ ਕਿਹਾ ਕਿ ਉਹ ਅਧਿਕਾਰਤ ਫੇਸਬੁੱਕ ਪੇਜ ਠਹੲਛਓਫੁਨਜੳਬ 'ਤੇ ਲਾਈਵ ਹੋ ਕੇ ਚੋਣ ਪ੍ਰਕਿਰਿਆ ਨਾਲ ਸਬੰਧਤ ਲੋਕਾਂ ਦੇ ਸਵਾਲਾਂ ਦੇ ਜਵਾਬ ਦੇਣਗੇ। ਉਨ੍ਹਾਂ ਅੱਗੇ ਕਿਹਾ ਕਿ ਇਸ ਲਾਈਵ ਸੈਸ਼ਨ ਦੌਰਾਨ ਕੋਈ ਵੀ ਵਿਅਕਤੀ ਸਵਾਲ ਪੁੱਛ ਸਕਦਾ ਹੈ ਅਤੇ ਪੋਸਟ 'ਤੇ ਕੁਮੈਂਟ ਕਰਕੇ ਆਪਣਾ ਫੀਡਬੈਕ ਅਤੇ ਸੁਝਾਅ ਵੀ ਦੇ ਸਕਦਾ ਹੈ।

ਸਿਬਿਨ ਸੀ ਨੇ ਕਿਹਾ ਕਿ ਉਹ ਪਿਛਲੇ ਸੈਸ਼ਨ ਦੀ ਤਰ੍ਹਾਂ ਇਸ ਵਾਰ ਵੀ ਵੋਟਰਾਂ ਦੇ ਸਵਾਲਾਂ ਦਾ ਮੌਕੇ 'ਤੇ ਹੀ ਜਵਾਬ ਦੇਣਗੇ। ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਆਪਣੇ ਸਵਾਲ ਜਾਂ ਸੁਝਾਅ 17 ਮਈ (ਸਵੇਰੇ 11 ਵਜੇ) ਤੋਂ ਪਹਿਲਾਂ ਸੀ.ਈ.ਓ. ਪੰਜਾਬ ਦੇ ਫੇਸਬੁੱਕ, ਇੰਸਟਾਗ੍ਰਾਮ ਜਾਂ ਐਕਸ ਹੈਂਡਲਾਂ ਜ਼ਰੀਏ ਵੀ ਭੇਜੇ ਜਾ ਸਕਦੇ ਹਨ।

# ਜਨਰਲ ਅਬਜ਼ਰਵਰ ਦੀ ਮੌਜੂਦਗੀ 'ਚ ਹੋਈ ਪੋਲਿੰਗ ਸਟਾਫ਼ ਦੀ ਦੂਸਰੀ ਰੈਂਡੇਮਾਈਜ਼ੇਸ਼ਨ

**ਮਾਨਸਾ**
**ਸਾਂਝੀ ਸੋਚ ਬਿਊਰੋ**



ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ 'ਤੇ ਲੋਕ ਸਭਾ ਚੋਣਾਂ 2024 ਦੇ ਮੱਦੇਨਜ਼ਰ ਜਨਰਲ ਅਬਜ਼ਰਵਰ ਡਾ.ਐਸ. ਪ੍ਰਭਾਕਰ, ਆਈ.ਏ.ਐਸ. ਅਤੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਪਰਮਵੀਰ ਸਿੰਘ ਦੀ ਮੌਜੂਦਗੀ ਵਿਚ ਐਨ.ਆਈ.ਸੀ. ਦਫ਼ਤਰ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪੋਲਿੰਗ ਸਟਾਫ ਦੀ ਦੂਸਰੀ ਰੈਂਡੇਮਾਈਜ਼ੇਸ਼ਨ ਹੋਈ। ਪੋਲਿੰਗ ਸਟਾਫ ਦੀ ਦੂਸਰੀ ਰੈਂਡੇਮਾਈਜ਼ੇਸ਼ਨ ਨੂੰ ਅੰਤਿਮ ਰੂਪ ਦਿੰਦੇ ਹੋਏ ਜ਼ਿਲ੍ਹਾ ਚੋਣ ਅਫ਼ਸਰ ਨੇ ਕਿਹਾ ਕਿ ਪੋਲਿੰਗ ਸਟਾਫ ਦੇ ਡਿਊਟੀ ਆਰਡਰ ਸਬੰਧਤ ਵਿਭਾਗਾਂ ਦੇ ਮੁੱਖੀਆਂ ਨੂੰ ਸੌਂਪ ਦਿੱਤੇ ਜਾਣਗੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ 645 ਪੋਲਿੰਗ ਬੂਥਾਂ ਲਈ ਸਟਾਫ ਦਾ ਡਾਟਾ ਇਕੱਠਾ ਕਰਕੇ ਲੋਕ ਸਭਾ ਚੋਣਾਂ ਲਈ ਪੋਲਿੰਗ ਸਟਾਫ ਦੀ ਡਿਊਟੀ ਲਗਾ ਦਿੱਤੀ ਗਈ ਹੈ ਅਤੇ ਉਕਤ ਸਟਾਫ ਤੋਂ ਇਲਾਵਾ ਰਿਜ਼ਰਵ ਸਟਾਫ ਅਤੇ ਲੋੜ ਪੈਣ 'ਤੇ ਹੋਰ ਕਰਮਚਾਰੀਆਂ ਦੀ ਵੀ ਨਿਯੁਕਤੀ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਉਕਤ ਪੋਲਿੰਗ ਸਟਾਫ ਵੋਟ ਪ੍ਰਕਿਰਿਆ ਨੂੰ ਮੁਕੰਮਲ ਕਰਵਾਉਣ ਵਿਚ ਅਹਿਮ ਭੂਮਿਕਾ ਨਿਭਾਵੇਗਾ। ਉਨ੍ਹਾਂ ਹਦਾਇਤ ਕਰਦਿਆਂ ਕਿਹਾ ਕਿ ਜ਼ਿਲ੍ਹੇ ਦੇ ਤਿੰਨੋ ਵਿਧਾਨ ਸਭਾ ਹਲਕਿਆਂ ਲਈ ਪੋਲਿੰਗ ਪਾਰਟੀਆਂ ਬਣਾ ਕੇ ਭੇਜ ਦਿੱਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਪੋਲਿੰਗ ਸਟਾਫ ਦੀ ਰਿਹਰਸਲ 19 ਮਈ 2024 ਨੂੰ ਹੋਵੇਗੀ। ਮਾਨਸਾ ਵਿਧਾਨ ਸਭਾ ਹਲਕੇ ਦੀ ਰਿਹਰਸਲ ਨਹਿਰੂ ਮੈਮੋਰੀਅਲ ਸਰਕਾਰੀ ਕਾਲਜ ਮਾਨਸਾ, ਸਰਦੂਲਗੜ੍ਹ ਹਲਕੇ ਦੀ ਰਿਹਰਸਲ ਸ੍ਰ ਬਲਰਾਜ ਸਿੰਘ ਭੂੰਦੜ ਯੂਨਵਰਸਿਟੀ ਕੈਂਪਸ ਸਰਦੂਲਗੜ੍ਹ ਅਤੇ ਬੁਢਲਾਡਾ ਹਲਕੇ ਦੀ ਰਿਹਰਸਲ ਕ੍ਰਿਸ਼ਨਾ ਕਾਲਜ ਰੱਲੀ ਵਿਖੇ ਹੋਵੇਗੀ। ਜ਼ਿਲ੍ਹਾ ਚੋਣ ਅਫ਼ਸਰ ਨੇ ਨਿਯੁਕਤ ਕੀਤੇ ਗਏ ਪੋਲਿੰਗ ਸਟਾਫ ਨੂੰ ਆਪਣੀ ਡਿਊਟੀ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣ ਲਈ ਕਿਹਾ। ਉਨ੍ਹਾਂ ਦੱਸਿਆ ਕਿ ਲੋਕ ਸਭਾ ਚੋਣਾਂ ਲਈ ਵੋਟਾਂ 01 ਜੂਨ 2024 ਨੂੰ ਹੋਣਗੀਆਂ ਅਤੇ 04 ਜੂਨ ਨੂੰ ਵੋਟਾਂ ਦੀ ਗਿਣਤੀ ਹੋਵੇਗੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋਕ ਸਭਾ ਚੋਣਾਂ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਕਰਵਾਉਣ ਲਈ ਕੋਈ ਕਮੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਜਿੱਥੇ ਐਮ.ਸੀ.ਐਮ.ਸੀ ਕਮੇਟੀ ਗਠਿਤ ਕਰਕੇ ਪੇਡ ਨਿਊਜ਼ 'ਤੇ ਨਜ਼ਰ ਰੱਖੀ ਜਾ ਰਹੀ ਹੈ, ਉੱਥੇ ਸੀ-ਵਿਜ਼ਲ ਐਪ ਰਾਹੀਂ ਆਦਰਸ਼ ਚੋਣ ਜਾਬਤੇ ਦੀ ਉਲੰਘਣਾ ਸਬੰਧੀ ਪ੍ਰਾਪਤ ਹੋ ਰਹੀਆਂ ਸ਼ਿਕਾਇਤਾਂ 'ਤੇ ਵੀ ਤੁਰੰਤ ਐਕਸ਼ਨ ਲਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿਚ ਆਦਰਸ਼ ਚੋਣ ਜ਼ਾਬਤੇ ਦੀ ਉਲੰਘਣਾ ਕਿਸੇ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਨਿਰਮਲ ਓਸੇਪਚਨ, ਐਸ.ਡੀ.ਐਮ. ਮਾਨਸਾ ਮਨਜੀਤ ਸਿੰਘ ਰਾਜਲਾ, ਐਸ.ਡੀ.ਐਮ. ਸਰਦੂਲਗੜ੍ਹ ਸ੍ਰੀ ਨਿਤੇਸ਼ ਕੁਮਾਰ ਜੈਨ, ਐਸ.ਡੀ.ਐਮ. ਬੁਢਲਾਡਾ ਗਗਨਦੀਪ ਸਿੰਘ, ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਰਾਜ ਕੁਮਾਰ, ਜ਼ਿਲ੍ਹਾ ਸੂਚਨਾ ਅਫ਼ਸਰ ਜੌਨੀ ਮਲਿਕ, ਚੋਣ ਕਾਨੂੰਗੋ ਵਰੁਣ ਕੁਮਾਰ ਅਤੇ ਲੈਕਚਰਾਰ ਵਿਨੈ ਕੁਮਾਰ ਹਾਜ਼ਰ ਸਨ।







ਸ਼੍ਰੋਮਣੀ ਅਕਾਲੀ ਦਲ
VOTE & SUPPORT
ਸ਼੍ਰੋਮਣੀ ਅਕਾਲੀ ਦਲ
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ਼੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ਼੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ਼੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
BHUPINDER SINGH JADLA

ARES REALTY
Residential | Commercial | Investment

Thinking
Of Selling Or
Buying A Home ?



ਘਰ ਜਾਂ Business ਵੇਚਣਾ ਜਾਂ ਖਰੀਦਣਾ ਹੋਵੇ

Residential | Commercial | Industrial | Raw land

ਜਿਵੇਂ :Farm House ,Liquor Stores ,Gas Stations
ਹਰ ਤਰ੍ਹਾਂ ਦੇ Apartments, Buildings Car Wash,
Truck Wash ਜਾਂ Gas Pumps ਵਰਗੀਆਂ ਪ੍ਰੋਪਰਟੀਜ਼

ਖਰੀਦਣ ਜਾਂ ਵੇਚਣ ਦੇ ਚਾਹਵਾਨ ਇੱਕ ਵਾਰ ਸਾਨੂੰ ਮਿਲੋ - ARES REALTY

Broker | Realtor | Mortgage Loan Originator : Tony Singh : (916) 519-7009 License ID: 01901843

REALTOR

| Jassi Avtar : | Alex Singh : | Rupinder Dhaliwal ( Ruby ): | Amarbir Takhar : | Harpreet Singh : | Roseleen Kumar : |
|---|---|---|---|---|---|
| (916) 335-3760 | (916) 582-4394 | (916) 764-2859 | (209) 277-9200 | (510) 589-8409 | (916)802-4833 |
| License ID: 02192444 | License ID: 02191925 | License ID: 01461487 | License ID: 02225690 | License ID: 02194943 | License ID: 02028063 |

OFFICE MANAGER | MARKETING DIRECTOR Sadie EL Ibrahimi : (916)-829-4200 | E-FAX : (916) 367-6756

TRS Constructions

ਘਰ ਵੇਚਣਾ ਹੋਵੇ, ਖ਼ਰੀਦਣਾ ਹੋਵੇ ਜਾਂ ਹੋਣ ਵਾਲੀ ਹੈ ਤੁਹਾਡੇ ਘਰ ਦੀ ਮੁਰੰਮਤ

ਅਸੀਂ ਘਰ ਦੀ ਸਾਰੀ Repair ਤੇ Re -Modelling ਕਰਦੇ ਹਾਂ | Without Any Money Out Of Your Pocket

ਤੁਸੀਂ ਇੱਕ ਵੀ ਪੈਸਾ ਨਹੀਂ ਦਿਓਗੇ TRS Constructions ਨੂੰ ਤੁਹਾਡੀ Sale ਦੇ ਵਿੱਚੋਂ Pay ਹੋ ਜਾਣਗੇ

ਵਧੇਰੇ ਜਾਣਕਾਰੀ ਜਾਂ ਕਿਸੇ ਵੀ ਤਰ੍ਹਾਂ ਦੀ Quiry ਲਈ ਕਾਲ : Tony Singh : (916) 519-7009 Loan Contractor
License ID: 01901843

# PAL FILMS & PHOTO BOOKS

*All Your Photo/Videography & Post Production needs Under One Roof*




Music Video | Pre Shoots | Weddings | Birthdays | Graduations
Stage Shows Or Any Kind Of Events | Customize Photobooks (upto 6 feet)
Video Editing VFX/DI/CC & Much More....

*Full Photo & Videography studio with Green Screen Blue Screen*

**PH: 925 489 3400, 341 356 1517**

Email: palfilms@yahoo.com, palfilms925@gmail.com, www.palfilms.com

**4007 Railroad Ave**
**Pittsburgh, CA 94565**




ਕੈਲੀਫੋਰਨੀਆ ਦੀ ਕਿਸੇ ਵੀ ਲੋਕੇਸ਼ਨ ਤੇ ਜਾਓ

ਟਰੱਕ ਅਤੇ ਟ੍ਰੇਲਰ ਚਮਕਾਓ ਸਸਤੇ ਅਤੇ ਵਾਜਬ ਰੇਟਾਂ ਉੱਤੇ

Our Locations :-

Delhi | Merced | Madera | Santa Nella
Tracy | San Fransisco | Corning

Old Truck Stop Gemco Ripon Next to Flying J, Santos Ave ਦੇ ਉੱਤੇ




Find nearest Location & Hours

Call at 1800-405-9274 or visit our website for
credit application to open credit account with our company

ਸਾਡੀਆਂ ਰਿਪਨ ਵਾਲੀਆਂ ਲੋਕੇਸ਼ਨਾਂ ਤੇ ਅਸੀਂ ਟੈਂਕਰ ਜੋ ਕੇ food Grade ਹਨ
ਉਹਨਾਂ ਨੂੰ ਅੰਦਰੋਂ ਧੋਂਦੇ ਹਾਂ ਅਤੇ Certified ਕਰਦੇ ਅਤੇ ਕੋਸ਼ਰ ਵਾਸ਼ ਵੀ ਕਰਦੇ ਹਾਂ

Tire Shop, Repair Shop, Oil & Lube Shop available on our locations

Website:- www.aaatruckwash.com

ਸੱਦਾ ਪੱਤਰ

# ਪੰਜਾਬੀ ਸਾਹਿਤ ਸਭਾ ਕੈਲੀਫੋਰਨੀਆ (ਰਜਿ.)

ਸੈਕਰਾਮੈਂਟੋ/ਯੂਬਾ ਸਿਟੀ

ਵੱਲੋਂ 20ਵੀਂ

## ਅੰਤਰਰਾਸ਼ਟਰੀ ਪੰਜਾਬੀ ਕਾਨਫਰੰਸ

**ਮਈ 19, ਐਤਵਾਰ, 2024, ਸਵੇਰੇ 9 ਵਜੇ ਤੋਂ 6 ਵਜੇ ਤੱਕ**

**ਸਥਾਨ: Pooja Restaurant, 1223 Merkely Ave. West Sacramento, 95691**

**ਪ੍ਰੋਗਰਾਮ**

- ਉਦਘਾਟਨ: 9.00 ਵਜੇ ਸਵੇਰੇ
- ਕਵੀ ਸੰਮੇਲਨ: 11.00 ਵਜੇ
- ਦੁਪਹਿਰ ਦਾ ਖਾਣਾ: 1.30 ਵਜੇ
- ਪੰਜਾਬੀ ਸਾਹਿਤ ਵਿਚਾਰ ਵਟਾਂਦਰਾ: 2.00 ਵਜੇ
- ਗੀਤ ਸੰਗੀਤ: 5.00 ਵਜੇ ਸ਼ਾਮ

ਆਪ ਜੀ ਨੂੰ ਬੇਨਤੀ ਹੈ ਕਿ ਪੰਜਾਬੀ ਸਾਹਿਤ ਸਭਾ ਕੈਲੀਫੋਰਨੀਆ ਦੀ 20ਵੀਂ ਅੰਤਰਰਾਸ਼ਟਰੀ ਪੰਜਾਬੀ ਕਾਨਫਰੰਸ ਮਿਤੀ 19 ਮਈ, 2024 ਨੂੰ ਹੋ ਰਹੀ ਹੈ। ਇਸ ਮੌਕੇ ਪੰਜਾਬੀ ਸਾਹਿਤ ਬਾਰੇ ਪਰਚੇ ਪੜ੍ਹੇ ਜਾਣਗੇ। ਕਵੀ ਸੰਮੇਲਨ ਹੋਵੇਗਾ। ਪੰਜਾਬੀ ਮਾਂ ਬੋਲੀ ਬਾਰੇ ਵਿਚਾਰ ਚਰਚਾ ਹੋਵੇਗੀ। ਇਸ ਤੋਂ ਇਲਾਵਾ ਗੀਤ-ਸੰਗੀਤ ਹੋਵੇਗਾ। ਆਪ ਜੀ ਨੂੰ ਬੇਨਤੀ ਹੈ ਕਿ ਆਪ ਇਸ ਮੌਕੇ ਪਹੁੰਚ ਕੇ ਕਾਨਫਰੰਸ ਦੀ ਰੌਣਕ ਨੂੰ ਵਧਾਉ।

ਦਲਵੀਰ 'ਦਿਲ' ਨਿੱਜਰ
ਪ੍ਰਧਾਨ
916-628-2210

ਉਡੀਕਵਾਨ:
**ਸਮੁੱਚੀ ਪੰਜਾਬੀ ਸਾਹਿਤ ਸਭਾ, ਕੈਲੀਫੋਰਨੀਆ**

ਗੁਰਜਤਿੰਦਰ ਸਿੰਘ ਰੰਧਾਵਾ
ਜਨਰਲ ਸਕੱਤਰ
916-320-9444

---

*Invitation by*

# Punjabi Sahit Sabha, California

*Sacramento/Yuba City*

*20th*

## *International Punjabi Conference*

***Place:** Pooja Restaurant, 1223 Merkely Ave. West Sacramento, 95691*

***Programme***

- Opening Ceremony: 9am
- Poetry (Kavi Sammelan): 11am
- Lunch: 1:30pm
- Discussions on Punjabi Language: 2pm
- Cultural Program: 5pm onwards.

You are cordially Invited to the International 20th Punjabi Conference of Punjabi Sahit Sabha, California to be held on May 19, 2024. Scholars of Punjabi Language and Literature will present their papers. There will be a poetry session, discussions and a Musical night. We hope you will grace the occasion with your presence.

**Dalvir 'Dil' Nijjar**
President
916-628-2210

*With Best Complements from*
*All Members*
*Punjabi Sahit Sabha, California*

**Gurjatinder Singh Randhawa**
General Secretary
916-320-9444

ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ

HOPE
IMMIGRATION

Where Hope Meets

IMMIGRATION OPPORTUNITIES

USA SERVICES :
- CITIZENSHIP
- GREEN CARD & PETITION
- AFFIDAVIT OF SUPPORT
- WORK PERMIT RENEW
- STUDENT VISA & TRANSFER
- TOURIST VISAS

INDIAN SERVICES :
- Passport
- VISA
- OCI CARD
- RENUNCIATION
- POWER OF ATTORNEY
- LEGAL DOCUMENTS ATTESTATIONS
- NOTARY SERVICES

WE CAN HELP YOU WORK AND SETTLE IN COUNTRIES WORLDWIDE ALSO

ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ

ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630

WEBSITE : www.hopeimmigration.net | Email : help@hopeimmigration.net

ਅਸੀਂ California State ਦੇ Bonded Immigration Consultant ਹਾਂ

ADDRESS : 2953 W CAPITOL AVE WEST SACRAMENTO, CA 95691

ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ

# ਸਿਆਸਤ ਵਿੱਚ ਪੈ ਰਹੇ ਗੰਦ ਕਾਰਨ ਵਿਗੜ ਰਿਹਾ ਸਮਾਜ ਦਾ ਅਕਸ

ਬੂਟਾ ਸਿੰਘ ਬਾਸੀ
ਮੁੱਖ ਸੰਪਾਦਕ




ਅੱਜਕਲ੍ਹ ਭਾਰਤ ਵਿਚ ਲੋਕਸਭਾ ਵੋਟਾਂ ਦਾ ਪੂਰਾ ਜੋਰ ਚੱਲ ਰਿਹਾ ਹੈ ਅਤੇ ਇਸ ਵਾਰ ਲੀਡਰਾਂ ਦੀਆਂ ਲੰਬੜ ਛਾਲਾਂ ਪਿਛਲੇ ਸਾਲਾਂ ਨਾਲੋਂ ਬਹੁਤ ਜ਼ਿਆਦਾ ਵਧ ਗਈਆਂ ਹਨ। ਰੋਜ਼ਾਨਾ ਹੀ ਵੱਡੇ ਕੱਦ ਵਾਲੇ ਨੇਤਾ ਟਪੂਸੀ ਮਾਰ ਕੇ ਇਕ ਪਾਰਟੀ ਛੱਡ ਕੇ ਕੇ ਦੂਸਰੀ ਪਾਰਟੀ ਵਿਚ ਬਿਨਾਂ ਕਿਸੇ ਸ਼ਰਮ ਦੇ ਜਾ ਰਹੇ ਹਨ। ਅੱਜਕਲ੍ਹ ਲੀਡਰਾਂ ਦਾ ਇੱਕ ਪਾਰਟੀ ਤੋਂ ਦੂਸਰੀ ਪਾਰਟੀ ਵਿੱਚ ਜਾਣਾ ਆਮ ਜਿਹੀ ਹੀ ਗੱਲ ਹੋ ਗਈ ਹੈ। ਲੀਡਰਾਂ ਦੇ ਇਸ ਤਰਾਂ ਪਾਰਟੀ ਬਦਲ ਲੈਣ ਨਾਲ ਚਾਹੇ ਉਹਨਾਂ ਨੂੰ ਕੋਈ ਫਰਕ ਨਹੀਂ ਪੈਂਦਾ, ਪਰ ਵੋਟਰਾਂ ਅਤੇ ਸਪੋਰਟਰਾਂ ਵਿਚ ਬੇਚੈਨੀ ਵਾਲਾ ਮਾਹੌਲ ਪੈਦਾ ਹੋਣਾ ਸੁਭਾਵਿਕ ਹੀ ਹੈ। ਪਾਰਟੀ ਜਾਂ ਫਿਰ ਪੱਗ ਦਾ ਰੰਗ ਬਦਲਣ ਨਾਲ ਲੀਡਰਾਂ ਨੂੰ ਤਾਂ ਕੋਈ ਫਰਕ ਨਹੀਂ ਪੈਂਦਾ, ਪਰ ਉਹਨਾਂ ਲੀਡਰਾਂ ਨਾਲ ਜੁੜੇ ਵੋਟਰਾਂ ਦਾ ਜਮੀਰ ਵੀ ਇਹ ਲੀਡਰ ਧੱਕੇ ਨਾਲ ਹੀ ਮਰਵਾ ਦਿੰਦੇ ਹਨ, ਜਦੋਂ ਉਹਨਾਂ ਦੇ ਗਲਾਂ ਵਿਚ ਵੀ ਧੱਕੇ ਨਾਲ ਹੀ ਦੂਸਰੀ ਪਾਰਟੀ ਦੇ ਪਟਕੇ ਪੁਆ ਦਿੰਦੇ ਹਨ। ਵੋਟਰਾਂ ਅਤੇ ਆਮ ਲੋਕਾਂ ਲਈ ਇਹ ਗੱਲ ਸਮਝਣੀ ਔਖੀ ਹੋ ਜਾਂਦੀ ਹੈ ਕਿ ਜੋ ਆਗੂ ਕਿਸੇ ਪਾਰਟੀ ਨੂੰ ਇਕ ਦਿਨ ਪਹਿਲਾਂ ਤਾਂ ਕੋਸ ਰਿਹਾ ਸੀ ਉਹ ਅੱਜ ਉਸੇ ਪਾਰਟੀ ਵਿੱਚ ਉਨ੍ਹਾਂ ਹੱਕ ਵਿਚ ਕਿਵੇਂ ਬੋਲ ਰਿਹਾ ਹੁੰਦਾ ਹੈ। ਲੀਡਰਾਂ ਦੀਆਂ ਅਜਿਹੀਆਂ ਚਾਲਾਂ ਕਰਕੇ ਹੀ ਅੱਜ ਲੋਕਾਂ ਦਾ ਭਰੋਸਾ ਅਜਿਹੇ ਲੀਡਰਾਂ ਤੋਂ ਉਠ ਰਿਹਾ ਹੈ। ਪਹਿਲੇ ਸਮੇਂ ਵਿੱਚ ਲੋਕ ਆਪਣੇ ਬਜੁਰਗਾਂ ਕਰਕੇ ਪਾਰਟੀ ਨਾਲ ਬੱਝੇ ਰਹਿੰਦੇ ਸਨ ਅਤੇ ਲੀਡਰਾਂ ਦੀਆਂ ਚਾਲਾਂ ਚ ਆ ਜਾਂਦੇ ਸਨ। ਉਹਨਾਂ ਨੂੰ ਲੱਗਦਾ ਸੀ ਕਿ ਲੀਡਰ ਜੋ ਕਰ ਰਿਹਾ ਸਹੀ ਹੈ ਅਤੇ ਅਸੀਂ ਹਮੇਸ਼ਾ ਉਸਦੇ ਅਨੁਸਾਰ ਹੀ ਚੱਲਣਾ ਹੈ, ਪਰ ਅੱਜ ਦੀ ਨਵੀਂ ਪੀੜੀ ਨੇ ਇਹ ਸਭ ਕੁਝ ਬਦਲ ਦਿੱਤਾ ਹੈ ਅਤੇ ਹੁਣ ਆਮ ਜਨਤਾ ਅੱਖਾਂ ਬੰਦ ਕਰਕੇ ਕਿਸੇ ਲੀਡਰ ਦੇ ਪਿੱਛੇ ਨਹੀਂ ਲਗ ਤੁਰਦੀ। ਅੱਜ ਲੋਕ ਪੜ੍ਹਲਿਖ ਗਏ ਹਨ ਅਤੇ ਆਪਣਾ ਬੁਰਾ-ਭਲਾ ਉਹ ਖੁਦ ਜਾਣਦੇ ਹਨ। ਅੱਜ ਹਰੇਕ ਪਾਰਟੀ ਦੂਸਰੀ ਪਾਰਟੀ ਦੇ ਲੀਡਰ ਜਾਂ ਪਾਰਟੀ ਨੂੰ ਨੀਵਾਂ ਦਿਖਾਉਣ ਲਈ ਕਈ ਹੱਥਕੰਡੇ ਅਪਣਾਉਂਦੀ ਹੈ, ਪਰ ਅੱਜ ਦਾ ਪੜਿਆ-ਲਿਖਿਆ ਅਤੇ ਸੂਝਵਾਨ ਵੋਟਰ ਹੁਣ ਆਪਣੇ ਮਨ ਦੀ ਸੁਣਦਾ ਹੈ ਅਤੇ ਆਪਣੀ ਮਰਜੀ ਕਰਦਾ ਹੈ। ਵੇਖਣ ਅਤੇ ਸੋਚਣ ਵਾਲੀ ਗੱਲ ਤਾਂ ਇਹ ਹੈ ਕਿ ਪਾਰਟੀ ਚਾਹੇ ਕੋਈ ਵੀ ਹੋਵੇ ਜੇਕਰ ਸਾਫ਼ ਸੁਥਰੀ ਰਾਜਨੀਤੀ ਹੋਵੇਗੀ ਤਾਂ ਹੀ ਸਮਾਜ ਚੰਗਾ ਅਤੇ ਜਨਤਾ ਦੀ ਹਾਲਤ ਵਿੱਚ ਸੁਧਾਰ ਦੀ ਆਸ ਰੱਖੀ ਜਾ ਸਕਦੀ ਹੈ। ਅੱਜ ਜ਼ਰੂਰਤ ਤਾਂ ਇਸ ਗੱਲ ਦੀ ਹੈ ਕਿ ਇਕ-ਦੂਜੇ ਉਪਰ ਦੂਸ਼ਣਬਾਜ਼ੀ ਕਰਨ ਦੀ ਜਗ੍ਹਾ ਦੇਸ਼-ਸਮਾਜ ਦੇ ਕੰਮ ਕਰਨ ਲਈ ਨੌਜਵਾਨ ਪੀੜੀ ਨੂੰ ਵੀ ਪ੍ਰੇਰਿਤ ਕੀਤਾ ਜਾਵੇ, ਪਰ ਸਾਡੇ ਲੀਡਰ ਖੁਦ ਦੇ ਨਾਲ-ਨਾਲ ਨੌਜਵਾਨਾਂ ਨੂੰ ਵੀ ਪੁੱਠੇ ਪੰਗਿਆਂ ਵਿਚ ਉਲਝਾਈ ਰੱਖਣ ਨੂੰ ਹੀ ਆਪਣੀ ਵਡਿਆਈ ਸਮਝਦੇ ਹਨ। ਅੱਜਕਲ੍ਹ ਦੇ ਲੀਡਰ ਬਰਸਾਤੀ ਡੱਡੂਆਂ ਵਾਂਗ ਸਿਰਫ਼ ਵੋਟਾਂ ਦੇ ਦਿਨਾਂ ਵਿਚ ਹੀ ਆਪਣੇ ਏਅਰਕੰਡੀਸ਼ਨਡ ਘਰਾਂ ਅਤੇ ਦਫ਼ਤਰਾਂ ਤੋਂ ਬਾਹਰ ਦਿਖਾਈ ਦਿੰਦੇ ਹਨ। ਜੇਕਰ ਇਹ ਲੀਡਰ ਪੰਜ ਸਾਲ ਆਪਣੇ ਹਲਕਿਆਂ ਦੇ ਲੋਕਾਂ ਦੇ ਕੰਮ ਆਉਣ ਤਾਂ ਇਹਨਾਂ ਨੂੰ ਚੋਣਾਂ ਦੇ ਦਿਨਾਂ ਵਿਚ ਲੋਕਾਂ ਦੇ ਘਰਾਂ ਵਿਚ ਜਾ ਕੇ ਤਰਲੇ ਕਰਨ ਦੀ ਨੌਬਤ ਹੀ ਕਿਉਂ ਆਵੇ। ਦਿਨ ਪ੍ਰਤੀ ਦਿਨ ਵਿਗੜ ਰਹੇ ਹਾਲਾਤਾਂ ਕਾਰਨ ਸਿਆਸਤ ਵਿਚ ਗਿਰਾਵਟ ਆ ਰਹੀ ਹੈ, ਜਿਸ ਤੋਂ ਬਚਣ ਲਈ ਅੱਜ ਜ਼ਰੂਰਤ ਹੈ ਕਿ ਸੂਝਵਾਨ ਅਤੇ ਦੇਸ਼, ਸਮਾਜ ਦੇ ਕੰਮ ਕਰਨ ਵਾਲੇ ਅਤੇ ਸਾਫ-ਸੁਥਰੇ ਅਕਸ ਵਾਲੇ ਲੋਕ ਰਾਜਨੀਤੀ ਵਿਚ ਆ ਕੇ ਇਸ ਵਿਚਪਈ ਹੋਈ ਗੰਦਗੀ ਨੂੰ ਸਾਫ਼ ਕਰਨ ਦੀ ਪਹਿਲ ਕਰਨ।








# GINNY BEDI LAW PC



**Ginny Bedi Attorney**

- ★ Immigration
- ★ Divorce
- ★ Custody and Support issues
- ★ Business Disputes
- ★ Living Trusts
- ★ Criminal Matters
- ★ Misdemeanors
- ★ DUI

**ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।**

**255 N Market St Ste 150 San Jose CA 95110**

Tel: (408) 800-0242 Fax: (408) 800-0240, Mobile: (408) 802-2501

Email: ginny@ginnybedilaw.com Web: www.ginnybedilaw.com


CIS
CALIFORNIA
IMMIGRATION SERVICES
YOUR REGISTERED & BONDED “IMMIGRATION-CONSULTANTS”
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com

# JK TYRE INC

## JK TYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600

With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-

With Installation
Singh: 510-766-9382

**Firestone FS591**

SPECIAL OFFER !!

STEER TIRE
295/75R22.5

With Installation
Singh: 510-766-9382



11R22.5

With Installation
Singh: 510-766-9382

**Sizes available in drive & trailer**

295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-

With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-

With Installation
Singh: 510-766-9382

**JK JETSTEEL JDL2**

SPECIAL OFFER !!



DRIVE TIRE
11R22.5-
11R24.5-
295/75R22.5-

With Installation
Singh: 510-766-9382



FALKEN TIRES · GOODYEAR · KELLY TIRES · BARKLEY Feel the difference · PIRELLI · MICHELIN A better way forward · BRIDGESTONE · Firestone · YOKOHAMA · PEARLY · NAMA · TOYO TIRES driven to perform · Continental · DUNLOP TIRES

## S. Singh Cell: (510) 766-9382

2955 N. Wilson Way Stockton , CA 95205

# ਘਮੰਡੀ ਕਾਂ



ਇੱਕ ਵਾਰ ਦੀ ਗੱਲ ਹੈ। ਇੱਕ ਜੰਗਲ ਵਿੱਚ ਇੱਕ ਘਮੰਡੀ ਕਾਂ ਰਹਿੰਦਾ ਸੀ ਅਤੇ ਉਸ ਕੋਲ ਬਹੁਤ ਪੈਸੇ ਸਨ। ਬਾਕੀ ਪੰਛੀਆਂ ਕੋਲ ਪੈਸੇ ਨਹੀਂ ਸਨ। ਇੱਕ ਵਾਰ ਉਸ ਜੰਗਲ ਵਿੱਚ ਇੱਕ ਸ਼ਿਕਾਰੀ ਆਇਆ ਅਤੇ ਉਸਨੇ ਦੇਖਿਆ ਕਿ ਕਾਂ ਕੋਲ ਬਹੁਤ ਪੈਸੇ ਹਨ। ਉਸ ਨੇ ਕਾਂ ਨੂੰ ਫੜ ਲਿਆ ਅਤੇ ਉਸਨੇ ਸਾਰੇ ਪੈਸੇ ਬਾਕੀ ਪੰਛੀਆਂ ਨੂੰ ਵੰਡ ਦਿੱਤੇ।



**ਰਣਵੀਰ ਸਿੰਘ , ਜਮਾਤ ਪੰਜਵੀਂ**
**ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ, ਗੰਭੀਰਪੁਰ ਲੋਅਰ, ਜਿਲ੍ਹਾ ਰੂਪਨਗਰ,**
**ਗਾਈਡ ਅਧਿਆਪਕ**
**ਮਾਸਟਰ ਸੰਜੀਵ ਧਰਮਾਣੀ**
**9478561356**

# ਹਕੀਕਤ

*-ਸਾਡੀ ਮੌਤ ਤੋਂ ਬਾਅਦ, 1-ਆਪਾਂ ਕੁਦਰਤ ਤੋਂ ਬਣੇ ਸੀ, ਆਪਾਂ ਕੁਦਰਤ ਵਿੱਚ ਦੁਬਾਰਾ ਰਚ ਜਾਂਵਾਂਗੇ। 2-ਆਪਣੇ ਨਾਮ ਖਤਮ ਹੋ ਜਾਣਗੇ ਤੇ ਆਪਾਂ ਨੂੰ ਭੋਦੇ ਕਹਿਕੇ ਬੁਲਾਇਆ ਜਾਵੇਗਾ। 3-ਕਿਸੇ ਦੇ ਘਰ ਜਾਣ ਤੇ ਜੋ ਆਪਾਂ ਨੂੰ ਕਹਿੰਦੇ ਸੀ 'ਜਰਾ ਹੋਰ ਰੁੱਕ ਜਾਉ' ਉਹੀ ਆਪਣੇ ਮਰਨ ਤੇ ਪੁੱਛਣਗੇ ਕੇ ਸੰਸਕਾਰ ਕਦੋਂ ਤੇ ਕਿੱਥੇ ਕਰਨਾ ਹੈ। 4-ਘਰ ਦੇ ਮੈਂਬਰਾਂ ਤੋਂ ਬਿਨਾਂ ਹੋਰ ਕਿਸੇ ਨੂੰ ਆਪਣੀ ਮੌਤ ਦਾ ਕੋਈ ਖਾਸ ਦੁੱਖ ਨਹੀਂ ਹੋਵੇਗਾ। 5-ਆਪਣੀ ਮੌਤ ਤੋਂ ਬਾਅਦ ਆਪਣਿਆਂ ਤੋਂ ਇਲਾਵਾ ਵਿਰੋਧੀ ਵੀ ਸਿਫਤ ਸਲਾਹ ਕਰਨ ਵਾਲੀਆਂ ਗੱਲਾਂ ਕਰਨਗੇ। 6-ਆਪਣੀ ਮੌਤ ਤੋਂ ਬਾਅਦ ਘਰਦਿਆਂ ਤੋਂ ਇਲਾਵਾ ਹੋਰ ਕੋਈ ਵੀ ਆਪਣੇ ਜੋੜੇ ਪੈਸੇ ਜਾਂ ਬਣਾਈ ਹੋਈ ਜ਼ਮੀਨ ਜਾਇਦਾਦ ਦੀ ਚਰਚਾ ਨਹੀਂ ਕਰਨਗੇ, ਸਿਰਫ ਸਾਡੇ ਸੁਭਾਅ ਤੇ ਵਿਚਾਰਾਂ ਕਰਨਗੇ। 7-ਪਿੰਡ ਵਾਲੇ ਮਹੀਨੇ ਕੁ ਤੱਕ-ਕਰੀਬੀ ਰਿਸ਼ਤੇਦਾਰ ਇੱਕ ਸਾਲ ਤੱਕ-ਪਰਿਵਾਰ ਵਾਲੇ ਸ਼ਾਇਦ ਦੂਜੀ ਪੀੜੀ ਤੱਕ ਆਪਾਂ ਨੂੰ ਭੁੱਲਾ ਦੇਣਗੇ। 8-ਆਪਾਂ ਸਾਰੀ ਉਮਰ ਜੋ ਸੋਚਦੇ ਰਹੇ ਹਾਂ ਕਿ ਲੋਕ ਕੀ ਕਹਿਣਗੇ? ਉਹ ਲੋਕਾਂ ਦੇ ਕਹਿਣ ਦਾ ਡਰ ਵੀ ਆਪਣੀ ਮੌਤ ਦੇ ਨਾਲ ਹੀ ਮਰ ਜਾਵੇਗਾ। 9-ਲੋਕ ਕੀ ਕਹਿਣਗੇ? ਇਸ ਕਰਕੇ ਆਪਾਂ ਆਪਣੀ ਜ਼ਿੰਦਗੀ ਚੰਗੀ ਤਰ੍ਹਾਂ ਨਹੀਂ ਜਿਉਂਦੇ ਤੇ ਸੱਚ ਇਹ ਹੈ ਕੇ ਮਰਨ ਤੋਂ ਬਾਅਦ ਕੋਈ ਪ੍ਰਵਾਹ ਨਹੀਂ ਕਰਦਾ ਕਿ ਅਸੀਂ ਮਰਨ ਤੋਂ ਪਹਿਲਾਂ ਕਿਸ ਤਰ੍ਹਾਂ ਦੀ ਜ਼ਿੰਦਗੀ ਜਿਊਂਦੇ ਸੀ। 10-ਇਹੀ ਇੱਕ ਜ਼ਿੰਦਗੀ ਹੈ ਤੇ ਇਸਨੂੰ ਰੱਜ ਕੇ ਜਿਊਂ, ਸ਼ਾਇਦ ਜ਼ਿੰਦਗੀ ਜਿਊਣ ਦਾ ਦੂਜਾ ਮੌਕਾ ਨਾ ਮਿਲੇ ਇਸ ਲਈ ਇਹੀ ਹੈ ਜੋ ਅਸੀਂ ਹੁਣ ਹਾਂ। 11 ਜਿਊਂਦੇ ਜੀ ਸਮਾਜ ਲਈ ਚੰਗਾ ਕਰੋ, 12- ਆਪਣੇ ਅੰਦਰ ਚੰਗੇ ਗੁਣ ਪੈਦਾ ਕਰੋ ਤਾਂ ਹੀ ਮਰ ਕੇ ਵੀ ਦੁਨੀਆਂ ਤੇ ਜਿਉਂਦੇ ਰਹਿ ਸਕਦੇ ਹੋ।

*-ਸ਼ੋਸ਼ਿਲ ਮੀਡੀਆ ਤੇ ਗਾਲੀ ਗਲੋਚ ਅਤੇ ਧਮਕੀਆਂ ਭਰੇ ਕਮੈਂਟ ਉਹ ਲੋਕ ਲਿੱਖਦੇ ਨੇ ਜਿੰਨ੍ਹਾਂ ਕੋਲ ਆਪਣੇ ਵਿਚਾਰਾਂ ਦੀ ਪ੍ਰੋੜਤਾ ਲਈ ਕੋਈ ਦਲੀਲ ਨਹੀਂ ਹੁੰਦੀ।



**Paramjit Singh Sekhon (Dakha)**
President, Dal Khalsa Alliance
1700 Shattuck Ave, # 303 Berkeley CA 94709. (510)774 5909.
*A Nonprofit Organization Dedicated to Public Awareness*

**LARRY T. NIERMEYER**



**Attorney at Law**

**OFFERING SERVICES IN THE FOLLOWING AREAS**





1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation

**PHONE: (209) 574-9447**

**1420 F STREET ST_ 2ND FLOOR MODESTO, CA 95354**

Email : ltniermeyer@aol.com


ਸੰਤ ਜਰਨੈਲ ਸਿੰਘ ਭਿੰਡਰਾਂਵਾਲੇ
ਜਨਰਲ ਸੁਬੇਗ ਸਿੰਘ
ਭਾਈ ਅਮਰੀਕ ਸਿੰਘ
ਸ਼ਹੀਦ ਭਾਈ ਦੀਪ ਸਿੱਧੂ
VOTE & SUPPORT
ਹਲਕਾ ਸੰਗਰੂਰ
ਹਲਕਾ ਖਡੂਰ ਸਾਹਿਬ
ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ
ਸਿਮਰਨਜੀਤ ਸਿੰਘ ਮਾਨ
ਭਾਈ ਅੰਮ੍ਰਿਤਪਾਲ ਸਿੰਘ
ਜਾਰੀ ਕਰਤਾ
SUMPREET SINGH
JK TYRE
2955 N WILSON WAY STOCKTON, CA 95205
+1 (510) 766-9382


GLOBAL DEFENCE SCHOOL
AIM FOR EXCELLENCE
GLOBAL DEFENCE SCHOOL PATIALA
A Unique Boarding School Of Patiala
with Largest Campus
GLOBAL DEFENCE SCHOOL
Choose to shine LIKE THE RISING SUN.
ADMISSIONS
SESSION 2024-25 OPEN
Nursery to 7th
CBSE PATTERN
" THE BEST CHOICE FOR YOUR KIDS"
Enroll Now
Day Cum Residential School
+91 9872601534, +91 9023433311
admission@globaldefenceschool.com
Nabha-Patiala Road, Rakhra Pincode 147201

# ਸ੍ਰੀ ਕਰਤਾਰਪੁਰ ਸਾਹਿਬ (ਪਾਕਿ) ਵਿਖੇ ਕਵੀ ਦਰਬਾਰ



ਸਭ ਰੰਗ ਸਾਹਿੱਤ ਸਭਾ ਗੁਰਦਾਸਪੁਰ ਦੇ ਕਵੀਆਂ ਨੇ ਸ੍ਰੀ ਕਰਤਾਰਪੁਰ ਸਾਹਿਬ (ਪਾਕਿਸਤਾਨ) ਵਿਖੇ ਗੁਰਦੁਆਰਾ ਸਾਹਿਬ ਦੇ ਇੱਕ ਹਾਲ ਵਿਖੇ ਕਵੀ ਦਰਬਾਰ ਦਾ ਆਯੋਜਨ ਕੀਤਾ। ਉਪਚਾਰਿਕ ਤੌਰ ਤੇ ਕਰਵਾਏ ਗਏ ਇਸ ਕਵੀ ਦਰਬਾਰ ਦੀ ਪ੍ਰਧਾਨਗੀ ਜਨਾਬ ਨੂਰ ਅਹਿਮਦ, ਜਨਾਬ ਜਮਲੀਨ ਅਹਿਮਦ, ਮੁਹੰਮਦ ਅਸਲਮ, ਸਾਬੀਰ ਅਲੀ, ਜੁਆਲਕਾਰਨੀਅਨ ਅਤੇ ਨਵੀਦ ਚੌਧਰੀ ਨੇ ਕੀਤੀ।

ਮੁੱਖ ਮਹਿਮਾਨ ਵਜੋਂ ਪਾਲ ਗੁਰਦਾਸਪੁਰੀ, ਰਾਜ ਗੁਰਦਾਸਪੁਰ, ਡਾ. ਕੇਵਲ ਕ੍ਰਿਸ਼ਨ, ਜੇ. ਪੀ. ਖਰਲਾ ਵਾਲਾ, ਰਾਜੇਸ਼ ਗੁਪਤਾ, ਗਾਇਕ ਮੰਗਲਦੀਪ, ਐਡਵੋਕੇਟ ਰਾਜਪਾਲ ਸਿੰਘ ਅਤੇ ਬਲਵਿੰਦਰ ਬਾਲਮ ਨੇ ਸ਼ਿਰਕਤ ਕੀਤੀ।

ਹਾਜ਼ਰ ਕਵੀਆਂ ਨੇ ਕਵੀ ਦਰਬਾਰ ਵਿਚ ਆਪਣੀਆਂ ਰਚਨਾਵਾਂ ਕਹਿ ਕੇ ਹਾਜ਼ਰੀ ਲਵਾਈ। ਕਵੀ ਸੱਜਣਾਂ ਨਾਲ ਸਹਿਯੋਗੀ ਸਾਥ ਦੇਣ ਵਾਲਿਆਂ ਵਿਚ ਮਨਮੋਹਣ ਧਕਾਲਵੀ ਨੀਤੀ ਗੁਪਤਾ, ਮਹਿਕ ਜੋਤ, ਬਲਬੀਰ ਕੌਰ, ਹਰਰਾਜਵਿੰਦਰ ਸਿੰਘ, ਸੁਰਿੰਦਰ ਕੌਰ, ਵਿਕਰਾਂਤ ਗੁਪਤਾ, ਕੁਲਵੰਤ ਕੌਰ, ਸੰਤੋਸ਼ ਕੁਮਾਰੀ ਅਤੇ ਬਲਬੀਰ ਕੌਰ ਨੇ ਸ਼ਿਰਕਤ ਕੀਤੀ।

ਬਾਅਦ ਦੀ ਵਾਪਸੀ ਵਿਚ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਡੇਰਾ ਬਾਬਾ ਨਾਨਕ ਦੇ ਮੁੱਖ ਦੁਆਰ ਤੇ ਰਾਜ ਗੁਰਦਾਸਪੁਰੀ ਦੀ ਪੁਸਤਕ ਮੌਸਮ ਉਦਾਸ ਲੱਗੇ ਅਤੇ ਪਾਲ ਗੁਰਦਾਸਪੁਰੀ ਦੀ ਪੁਸਤਕ ਲਫ਼ਜ਼ਾਂ ਤੋਂ ਪਾਰ ਦਾ ਸਭ ਨੇ ਮਿਲ ਕੇ ਖ਼ੂਬਸੂਰਤ ਅੰਦਾਜ਼ ਵਿਚ ਵਿਮੋਚਨ ਕੀਤਾ। ਇਹ ਯਾਦਗਾਰੀ ਪਲ ਸਨ।



SANJHI SOCH
ਬਲਵਿੰਦਰ ਬਾਲਮ
ਉਂਕਾਰ ਨਗਰ
ਗੁਰਦਾਸਪੁਰ (ਪੰਜਾਬ)
98156-25409



ARES
LENDING
Residential | Commercial | Investment



# ਆਪਣਾ ਘਰ Re-Finance ਜਾਂ ਖ਼ਰੀਦਣਾ

**Business ਲੈਣਾ ਜਾਂ Re-Finance ਕਰਨਾ, Working Capital ਲੈਣਾ ਹੈ ਤਾਂ ARES LANDING Assist ਕਰ ਸਕਦੀ ਹੈ :**




SBA LOAN | FHA LOAN | CONVENTIONAL LOAN | Commercial Loan | PRIVATE LOAN | VA LOAN

## ਜੇਕਰ ਤੁਸੀਂ Veteran ਹੋ America ਦੇ ਤਾਂ

## ਤੁਹਾਨੂੰ 100% Financing Veteran ਦਾ ਆਪਾ ਦਵਾ ਸਕਦੇ ਹਾਂ

**Contact (TONY SINGH ) For More INFO at : (916) 519-7009**

DRE#: 01901843 | NMLS: 823070 | DRE# 02188764 | NMLS# 2402240

# TRS LDA SERVICES COMPANY

DRE# 02188764 | LDA# 2022-001

**Loan ਲੈਣ ਵਿੱਚ ਆਉਂਦੀ ਹੋਵੇ ਮੁਸ਼ਕਿਲ ਤਾਂ TRS LDA SERVICES COMPANY ਕੋਲ ਹੈ Credit Repair ਦਾ ਹਰ ਹੱਲ**

Credit ਠੀਕ ਕਰਵਾਉਣਾ ਹੋਵੇ | Credit ਤੇ Negative Items ਹੋਣ | ਜ਼ਿਆਦਾ Enquiries ਹੋਣ

**ਤੁਹਾਡਾ LOAN ਪਾਸ ਨਾ ਹੁੰਦਾ ਹੋਵੇ, ਤਾਂ ਅਸੀਂ ਤੁਹਾਡਾ Credit FIX ਕਰਨ ਵਿੱਚ ਮਦਦ ਕਰਦੇ ਹਾਂ ਤੁਹਾਡਾ Score ਘੱਟ ਹੈ ਤਾਂ ਸਾਡੀ Company Credit Repair ਵੀ ਕਰਦੀ ਹੈ**

**ਜਾਣਕਾਰੀ ਲਈ ਕਾਲ ਕਰੋ : Credit Analyst : Fatima Fierros : (916) 829-4200**

# Now Open New Banquet Hall in Sacramento

**For more info: Contact Paul : (916)334-6000**




# SONNY DHALIWAL

## for SUPERVISOR

**EXPERIENCED LEADERSHIP YOU CAN TRUST**

Paid for by Sonny Dhaliwal for County Supervisor 2024 FPPC#1459023


VOTE & SUPPORT
ਸ਼੍ਰੋਮਣੀ ਅਕਾਲੀ ਦਲ
ਸ਼੍ਰੋਮਣੀ ਅਕਾਲੀ ਦਲ
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ਼੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ਼੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ਼੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
SHER SINGH CHUHAN


ARCPOINT LABS
OF MANTECA
Accurate, Reliable, Confidential Testing.
ਸਾਡੀਆਂ ਸੇਵਾਵਾਂ :
DOT ਦੇ Drug ਤੇ Alcohal Testing
Pre- Employment Testing | Physicals
Hair & Nail Testing |Immigration DNA
Paternity & Relationship DNA
Health Checkups ਜਿਵੇਂ :
Cholestrol Test
Heart Health
Thyroid Test
Diabetes Test
Food Allergy
Vitamin & Nutrient Test
ਆਪਣੇ ਹੋਣ ਵਾਲੇ Baby ਦਾ Gender ਜਾਣੋ 6 Weeks ਵਿੱਚ
BOY? or GIRL?
ਵਧੇਰੇ ਜਾਣਕਾਰੀ ਲਈ ਕਾਲ ਕਰੋ :
(209) 629-8282 | (209) 505-6384
Address : 119. Maple AVe, Suite A Manteca, CA 95336


ਪ੍ਰੇਮ ਵਿਆਹ | ਸੌਤਨ ਦੁਸ਼ਮਨ ਤੋਂ ਛੁਟਕਾਰਾ
ਕੰਮ- ਕਾਰੋਬਾਰ 'ਚ ਰੁਕਾਵਟ | ਵਿਦੇਸ਼ ਯਾਤਰਾ ਜਾਂ PR 'ਚ ਰੁਕਾਵਟ
ਕਰਜ਼ਾ ਮੁਕਤੀ | ਗ੍ਰਹਿ ਕਲੇਸ਼ ਤੋਂ ਛੁਟਕਾਰਾ | ਪਤੀ -ਪਤਨੀ 'ਚ ਅਣਬਣ
ਕੀਤਾ ਕਰਾਇਆ | ਜਾਦੂ - ਟੂਣਾ | ਕੋਰਟ ਕੇਸ ਤੋਂ ਮੁਕਤੀ
ਲਾਟਰੀ ਦੇ ਲੱਕੀ ਨੰਬਰ ਪਾਓ | ਬਿਜ਼ਨਸ 'ਚ ਘਾਟਾ
Legal Documents
ਵਸ਼ੀਕਰਨ ਕਰਵਾਉਣਾ ਜਾਂ ਤੁੜਵਾਉਣ
ਪਿਆਰ 'ਚ ਧੋਖਾ ਖਾ ਚੁੱਕੇ
ਪ੍ਰੇਮੀ -ਪ੍ਰੇਮਿਕਾ ਇੱਕ ਵਾਰ
ਜ਼ਰੂਰ ਅਜ਼ਮਾਉਣ
ਕਾਲੇ ਜਾਦੂ ਵਰਗੀਆਂ
ਸਮੱਸਿਆਂਵਾਂ ਦਾ
ਜੜ ਤੋਂ ਖ਼ਾਤਮਾ
PANDIT SHARON
Contact (209) 629-6397
35 ਸਾਲ ਦਾ ਤਜ਼ਰਬਾ

Gillson
TRUCKING INC



# NOW Hiring
# Truck Drivers
# Class A CDL

- Signing Bonus
- Top pay
- Mileage Pay
- Great Benefits
- Over the Road or Local Routes
- Reefers and Dry Van Operations
- No touch freight

## Skills:

- Responsible truck driver.
- Experience with electronic equipment.
- Ability to travel regularly.
- Adaptivity and foresight to handle unexpected situations (traffic, weather conditions and roads, etc.)

## Responsibilities:

- Safely operating assigned vehicles.
- The Vehicles are maintained and serviced as needed.
- Report any vehicle defects for repair.
- Make safety a priority at all times.
- Comply with standard federal laws and with company. policies and procedures.

## Pay:

- Between **$80,000.00 - $120,000.00** per year
- Average pay: $**0.50- $0.60** cents/mile
- Weekly direct deposits
- Bonuses for clean inspections
- High mileage bonuses

## Newer Equipment:

Freightliner and Volvo 2020 and present
Reset pay away from Terminals- Stockton, CA and Dayton, Ohio

- Flexible Home Time
- Pet Friendly
- Rider Policy

## Health Benefits:

Health · Dental · Vision



## Where to Apply

It's on our website the link under apply now. Please copy it here and then we would to have all.

**Apply Here:**

https://intelliapp.driverapponline.com/c/gillson?uri_b=ia_gillson_2058382794

## Contact:

1801 E Dr. Martin Luther King Jr. Blvd, Stockton, CA 95205
925-400-9094 | ext.116, ext.130 and ext.144
info@teamgillson.com

## Get in Touch:

gillsontrucking
gillsontrucking
company/gillsontrucking
www.teamgillson.com





# ਟੀ.ਵੀ. ਪੱਤਰਕਾਰਾਂ ਦੀ ਜ਼ਰੂਰਤ

**ਸਾਂਝੀ ਸੋਚ ਟੀ.ਵੀ. ਲਈ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਚੰਡੀਗੜ੍ਹ ਤੋਂ ਤਜ਼ੁਰਬੇਕਾਰ ਪੱਤਰਕਾਰਾਂ ਦੀ ਜ਼ਰੂਰਤ ਹੈ। ਤਨਖ਼ਾਹ ਯੋਗਤਾ ਅਨੁਸਾਰ।**

**ਸੰਪਰਕ: +1 (209) 303-1260**